SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 52 | Wednesday, March 15, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮਾਮਲੇ ਵਿੱਚ ਜਲਦ ਹੀ ਨਿਯੁਕਤ ਕੀਤਾ ਜਾਵੇਗਾ ਮਾਹਿਰ : ਟਰੂਡੋ



ਨੋਵਾ ਸਕੋਸ਼ੀਆ, 14 ਮਾਰਚ (ਪੋਸਟ ਬਿਊਰੋ) : ਚੀਨ ਤੇ ਹੋਰਨਾਂ ਦੇਸ਼ਾਂ ਵੱਲੋਂ ਫੈਡਰਲ ਚੋਣਾਂ ਵਿੱਚ ਕੀਤੀ ਗਈ ਦਖ਼ਲਅੰਦਾਜ਼ੀ ਦੇ ਮਾਮਲੇ ਵਿੱਚ ਹਾਲਾਤ ਦਾ ਜਾਇਜ਼ਾ ਲੈਣ ਲਈ ਸਪੈਸ਼ਲ ਮਾਹਿਰ ਨਿਯੁਕਤ ਕਰਨ ਦਾ ਪ੍ਰਧਾਨ ਮੰਤਰੀ ਟਰੂਡੋ ਵੱਲੋਂ ਇੱਕ ਹਫਤੇ ਪਹਿਲਾਂ ਐਲਾਨ ਕੀਤਾ ਗਿਆ ਸੀ। ਟਰੂਡੋ ਨੇ ਹੁਣ ਵੀ ਇਹੋ ਆਖਿਆ ਹੈ ਕਿ ਆਉਣ ਵਾਲੇ ਦਿਨਾਂ ਜਾਂ ਹਫਤਿਆਂ ਵਿੱਚ ਕੈਨੇਡੀਅਨਜ਼ ਨੂੰ ਇਹ ਪਤਾ ਲੱਗ ਜਾਵੇਗਾ ਕਿ ਇਸ ਕੰਮ ਲਈ ਕਿਸਨੂੰ ਨਿਯੁਕਤ ਕੀਤਾ ਗਿਆ ਹੈ।

ਮੰਗਲਵਾਰ ਨੂੰ ਨੋਵਾ ਸਕੋਸ਼ੀਆ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰੂਡੋ ਨੇ ਆਖਿਆ ਕਿ ਅਸੀਂ ਇਹ ਜਾਣਦੇ ਹਾਂ ਕਿ ਸਾਡੇ ਸਿਸਟਮ ਵਿੱਚ ਭਰੋਸਾ ਰੱਖਣਾ ਕੈਨੇਡੀਅਨਜ਼ ਲਈ ਕਿੰਨਾ ਜ਼ਰੂਰੀ ਹੈ ਤੇ ਇਸ ਲਈ ਸਾਨੂੰ ਸਹੀ ਆਜ਼ਾਦ ਮਾਹਿਰ ਦੀ ਲੋੜ ਹੈ। ਉਨ੍ਹਾਂ ਆਖਿਆ ਕਿ ਇੱਥੇ ਮਸਲਾ ਇਹ ਨਹੀਂ ਹੈ ਕਿ ਇੱਕ ਸਿਆਸੀ ਪਾਰਟੀ ਜਾਂ ਦੂਜੀ ਪਾਰਟੀ ਕੀ ਆਖਦੀ ਹੈ। ਉਨ੍ਹਾਂ ਆਖਿਆ ਕਿ ਇਹ ਯਕੀਨੀ ਬਣਾਉਣਾ ਵੀ ਜ਼ਰੂਰੀ ਹੈ ਕਿ ਸਾਡੀ ਜਮਹੂਰੀ ਪ੍ਰਕਿਰਿਆ ਦੀ ਅਖੰਡਤਾ ਨੂੰ ਬਰਕਰਾਰ ਰੱਖਣ ਲਈ ਮਾਹਿਰ ਰਲ ਕੇ ਕੰਮ ਕਰ ਰਹੇ ਹਨ।

ਇਸ ਮੁੱਦੇ ਉੱਤੇ ਕੈਨੇਡੀਅਨਜ਼ ਵੱਲੋਂ ਹਾਸਲ ਹੋ ਰਹੇ ਰਲਵੇਂ ਮਿਲਵੇਂ ਵਿਚਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਟਰੂਡੋ ਨੇ ਤਹੱਈਆ ਪ੍ਰਗਟਾਇਆ ਹੈ ਕਿ ਜਿਸ ਵੀ ਮਾਹਿਰ ਨੂੰ ਇਸ ਕੰਮ ਲਈ ਚੁਣਿਆ ਜਾਂਦਾ ਹੈ ਉਸ ਵੱਲੋਂ ਜੇ ਜਾਂਚ ਕਰਵਾਉਣ ਦਾ ਹੁਕਮ ਦਿੱਤਾ ਜਾਵੇਗਾ ਤਾਂ ਲਿਬਰਲ ਉਸ ਦੇ ਫੈਸਲੇ ਉੱਤੇ ਫੁੱਲ ਚੜ੍ਹਾਉਣਗੇ।

## ਏਅਰ ਟਰੈਵਲ ਸ਼ਿਕਾਇਤਾਂ ਨਾਲ ਸਿੱਝਣ ਲਈ ਫੈਡਰਲ ਸਰਕਾਰ ਖਰਚ ਕਰੇਗੀ 76 ਮਿਲੀਅਨ ਡਾਲਰ



ਓਟਵਾ, 14 ਮਾਰਚ (ਪੋਸਟ ਬਿਊਰੋ) : ਟਰਾਂਸਪੋਰਟ ਮੰਤਰੀ ਓਮਰ ਅਲਘਬਰਾ ਦਾ ਕਹਿਣਾ ਹੈ ਕਿ ਫੈਡਰਲ ਸਰਕਾਰ ਉਨ੍ਹਾਂ ਸਾਰੀਆਂ ਚੋਰ ਮੋਰੀਆਂ ਨੂੰ ਬੰਦ ਕਰ ਦੇਵੇਗੀ ਜਿਨ੍ਹਾਂ ਸਦਕਾ ਏਅਰਲਾਈਨਜ਼ ਰੱਦ ਹੋਈਆਂ ਆਪਣੀਆਂ ਉਡਾਨਾਂ ਲਈ ਆਪਣੇ ਕਸਟਮਰਜ਼ ਨੂੰ ਮੁਆਵਜ਼ਾ ਦੇਣ ਤੋਂ ਮੁਨਕਰ ਹੋ ਜਾਂਦੀਆਂ ਹਨ।

ਉਨ੍ਹਾਂ ਆਖਿਆ ਕਿ ਇਹ ਸੁਧਾਰ ਪੈਸੈਂਜਰਜ਼ ਦੇ ਅਧਿਕਾਰਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾਵੇਗਾ ਤੇ ਇਸ ਨੂੰ ਪਾਰਲੀਆਮੈਂਟ ਦੇ ਸਪਰਿੰਗ ਸੈਸ਼ਨ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਸਾਲ ਦੇ ਸ਼ੁਰੂ ਵਿੱਚ ਅਲਘਬਰਾ ਨੇ ਆਖਿਆ ਸੀ ਕਿ ਕੈਨੇਡੀਅਨਜ਼ ਏਅਰਲਾਈਨ ਪੈਸੈਂਜਰ ਬਿੱਲ ਆਫ ਰਾਈਟਸ ਵਿੱਚ ਕੁੱਝ ਸੋਧਾਂ ਦੀ ਆਸ ਕਰ ਸਕਦੇ ਹਨ ਪਰ ਉਨ੍ਹਾਂ ਇਹ ਨਹੀਂ ਸੀ ਦੱਸਿਆ ਕਿ ਇਹ ਤਬਦੀਲੀਆਂ ਕੀ ਹੋਣਗੀਆਂ। ਹੁਣ ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ ਸੋਧ ਕਰਨ ਵਾਲੀਆਂ ਥਾਂਵਾਂ ਦੀ ਪਛਾਣ ਕਰ ਲਈ ਗਈ ਹੈ ਤੇ ਉਨ੍ਹਾਂ ਉੱਤੇ ਕੰਮ ਕੀਤਾ ਜਾ ਰਿਹਾ ਹੈ।

ਮੰਗਲਵਾਰ ਨੂੰ ਇੱਕ ਨਿਊਜ਼ ਕਾਨਫਰੰਸ ਵਿੱਚ ਅਲਘਬਰਾ ਨੂੰ ਜਦੋਂ ਇਹ ਪੁੱਛਿਆ ਗਿਆ ਕਿ ਕੀ ਉਹ ਸੇਫਟੀ ਦੇ ਨਾਂ ਉੱਤੇ ਮੁਆਵਜ਼ੇ ਦੇ ਦਾਅਵਿਆਂ ਨੂੰ ਏਅਰਲਾਈਨਜ਼ ਵੱਲੋਂ ਨਕਾਰਨ ਦੇ ਰੁਝਾਨ ਨੂੰ ਖ਼ਤਮ ਕਰ ਸਕਦੇ ਹਨ ਤਾਂ ਉਨ੍ਹਾਂ ਆਖਿਆ ਕਿ ਹਾਂ ਅਜਿਹਾ ਕੀਤਾ ਜਾਵੇਗਾ। ਟੋਰਾਂਟੋ ਪੀਅਰਸਨ ਏਅਰਪੋਰਟ ਉੱਤੇ ਪ੍ਰੈੱਸ ਕਾਨਫਰੰਸ ਦੌਰਾਨ ਅਲਘਬਰਾ ਨੇ ਆਖਿਆ ਕਿ ਕੈਨੇਡੀਅਨ ਟਰਾਂਸਪੋਰਟ ਏਜੰਸੀ (ਸੀਟੀਏ) ਵਿਖੇ ਸ਼ਿਕਾਇਤਾਂ ਦੇ ਬੈਕਲਾਗ ਨੂੰ ਘਟਾਉਣ ਲਈ ਅਗਲੇ ਤਿੰਨ ਸਾਲਾਂ ਵਿੱਚ 76 ਮਿਲੀਅਨ ਡਾਲਰ ਖਰਚ ਕੀਤੇ ਜਾਣਗੇ। ਉਨ੍ਹਾਂ ਆਖਿਆ ਕਿ ਇਸ ਰਕਮ ਨਾਲ ਟਰਾਂਸਪੋਰਟ ਰੈਗੂਲੇਟਰ 200 ਹੋਰ ਮੁਲਾਜ਼ਮਾਂ ਦੀ ਭਰਤੀ ਕਰ ਸਕੇਗਾ ਤੇ ਹੁਣ ਤੱਕ ਦਰਜ 42000 ਸ਼ਿਕਾਇਤਾਂ ਨੂੰ ਫੌਰੀ ਖ਼ਤਮ ਕੀਤਾ ਜਾ ਸਕੇਗਾ।

## ਵੱਡੀਆਂ ਫਾਰਮਾਸਿਊਟੀਕਲ ਕੰਪਨੀਆਂ ਖਿਲਾਫ ਕਰਾਂਗੇ ਕੇਸ : ਪੌਲੀਐਵਰ



ਓਟਵਾ, 14 ਮਾਰਚ (ਪੋਸਟ ਬਿਊਰੋ) : ਕੰਜ਼ਰਵੇਟਿਵ ਆਗੂ ਪਿਏਰ ਪੌਲੀਐਵਰ ਦਾ ਕਹਿਣਾ ਹੈ ਕਿ ਜੇ ਉਹ ਪ੍ਰਧਾਨ ਮੰਤਰੀ ਚੁਣੇ ਜਾਂਦੇ ਹਨ ਤਾਂ ਉਹ ਫਾਰਮਾਸਿਊਟੀਕਲ ਕੰਪਨੀਆਂ ਖਿਲਾਫ 44 ਬਿਲੀਅਨ ਡਾਲਰ ਦਾ ਕੇਸ ਕਰਨਗੇ। ਉਨ੍ਹਾਂ ਆਖਿਆ ਕਿ ਅਜਿਹਾ ਨਸ਼ਿਆਂ (ਮੌਰਫੀਨ ਵਰਗਾ ਪ੍ਰਭਾਵ ਦੇਣ ਵਾਲੇ ਪਦਾਰਥ )ਦੀ ਮਹਾਂਮਾਰੀ ਵਿੱਚ ਨਿਭਾਈ ਗਈ ਭੂਮਿਕਾ ਲਈ ਇਨ੍ਹਾਂ ਕੰਪਨੀਆਂ ਦੀ ਜਵਾਬਦੇਹੀ ਤੈਅ ਕਰਨ ਲਈ ਕੀਤਾ ਜਾਵੇਗਾ।

ਉਨ੍ਹਾਂ ਆਖਿਆ ਕਿ ਬ੍ਰਿਟਿਸ਼ ਕੋਲੰਬੀਆ ਵੱਲੋਂ ਪਹਿਲਾਂ ਹੀ ਲਾਂਚ ਕੀਤੇ ਜਾ ਚੁੱਕੇ ਕਲਾਸ ਐਕਸ਼ਨ ਮੁਕੱਦਮੇ ਵਿੱਚ ਉਹ ਵੀ ਸ਼ਿਕਾਇਤਕਰਤਾ ਵਜੋਂ ਹਿੱਸਾ ਲੈ ਕੇ ਫੈਡਰਲ ਹੈਲਥ ਕੇਅਰ ਸਿਸਟਮ ਨੂੰ ਪਹੁੰਚੇ ਨੁਕਸਾਨ ਲਈ ਵਾਧੂ 4 ਬਿਲੀਅਨ ਡਾਲਰ ਦੀ ਮੰਗ ਕਰਦੇ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਵੱਖਰੇ ਤੌਰ ਉੱਤੇ ਫੈਡਰਲ ਪੱਧਰ ਉੱਤੇ ਇੱਕ ਹੋਰ ਮੁਕੱਦਮਾ ਲਾਂਚ ਕੀਤਾ ਜਾਂਦਾ ਤੇ ਬਾਰਡਰ ਸਕਿਊਰਿਟੀ, ਪ੍ਰਿਜ਼ਨਜ਼, ਇੰਡੀਜੀਨਸ ਪ੍ਰੋਗਰਾਮਿੰਗ ਆਦਿ ਵਰਗੀਆਂ ਗੈਰ ਹੈਲਥ ਲਾਗਤ ਵਸੂਲਣ ਲਈ ਦਾਅਵਾ ਕੀਤਾ ਜਾਂਦਾ।

ਪੌਲੀਐਵਰ ਨੇ ਆਖਿਆ ਕਿ ਵੱਡੀਆਂ ਫਾਰਮਾਸਿਊਟੀਕਲ ਕੰਪਨੀਆਂ ਫੈਡਰਲ ਟੈਕਸਦਾਤਾਵਾਂ ਲਈ 44-45 ਬਿਲੀਅਨ ਡਾਲਰ ਦੀਆਂ ਦੇਣਦਾਰ ਹਨ ਤੇ ਅਸੀਂ ਇਹ ਪੈਸਾ ਰਿਕਵਰੀ ਦੇ ਨਾਲ ਨਾਲ ਇਲਾਜ ਉੱਤੇ ਵੀ ਖਰਚ ਕਰਾਂਗੇ। ਪ੍ਰੋਵਿੰਸ ਅਨੁਸਾਰ ਬੀਸੀ ਵੱਲੋਂ 2018 ਵਿੱਚ ਇੱਕ ਕਲਾਸ ਐਕਸ਼ਨ ਮੁਕੱਦਮਾ ਵੱਡੀਆਂ ਫਾਰਮਾਸਿਊਟੀਕਲ ਕੰਪਨੀਆਂ ਖਿਲਾਫ ਫੈਡਰਲ, ਪ੍ਰੋਵਿੰਸ਼ੀਅਲ ਤੇ ਟੈਰੇਟੋਰੀਅਲ ਸਰਕਾਰਾਂ ਦੇ ਪੱਖ ਉੱਤੇ ਕੀਤਾ ਗਿਆ ਸੀ ਜਿਸ ਤਹਿਤ ਨਸ਼ਿਆਂ ਦਾ ਨਿਰਮਾਣ ਕਰਨ, ਉਨ੍ਹਾਂ ਨੂੰ ਵੰਡਣ ਤੇ ਉਨ੍ਹਾਂ ਦੀਆਂ ਸਲਾਹਕਾਰ ਕੰਪਨੀਆਂ ਤੋਂ ਵਸੂਲਣ ਲਈ ਦਾਅਵਾ ਠੋਕਿਆ ਗਿਆ ਸੀ।

ਇਸ ਵੱਲੋਂ ਪਰਡਿਊ ਕੈਨੇਡਾ, ਜੋ ਕਿ ਅਮੈਰੀਕਨ ਫਾਰਮਾਸਿਊਟੀਕਲ ਕੰਪਨੀ ਪਰਡਿਊ ਫਾਰਮਾ ਦਾ ਹਿੱਸਾ ਹੈ, ਖਿਲਾਫ ਇਹ ਕੇਸ ਕੀਤਾ ਗਿਆ ਸੀ ਤੇ ਇਹ ਕੰਪਨੀ ਆਕਸੀਕੋਂਟਿਨ ਡਰੱਗ ਬਣਾਉਣ ਲਈ ਜਾਣੀ ਜਾਂਦੀ ਹੈ। ਬੀਸੀ ਸਰਕਾਰ ਨੇ ਇਸ ਦੇ 40 ਉਤਪਾਦਕਾਂ ਤੇ ਵਿਕਰੇਤਾਵਾਂ ਨੂੰ ਵੀ ਆਪਣੇ ਕਲਾਸ ਐਕਸ਼ਨ ਮੁਕੱਦਮੇ ਵਿੱਚ ਧਿਰ ਬਣਾਇਆ ਸੀ ਤੇ ਉਨ੍ਹਾਂ ਖਿਲਾਫ ਵੀ ਕੇਸ ਠੋਕਿਆ ਸੀ। ਜੂਨ 2022 ਵਿੱਚ ਬੀਸੀ ਨੇ ਪਰਡਿਊ ਕੈਨੇਡਾ ਨਾਲ 150 ਮਿਲੀਅਨ ਡਾਲਰ ਵਿੱਚ ਸੈਟਲਮੈਂਟ ਕਰ ਲਈ ਸੀ। ਪਰ ਪ੍ਰੋਵਿੰਸ਼ੀਅਲ ਸਰਕਾਰ ਬਾਕੀ ਧਿਰਾਂ ਨੂੰ ਵੀ ਜਵਾਬਦੇਹ ਠਹਿਰਾਉਣਾ ਚਾਹੁੰਦੀ ਹੈ।

## ਘਰ ਵਿੱਚ ਅੱਗ ਲੱਗਣ ਕਾਰਨ ਇੱਕ ਮਹਿਲਾ ਦੀ ਹੋਈ ਮੌਤ



ਟੋਰਾਂਟੋ, 14 ਮਾਰਚ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਡੰਡੋਨਲਡ ਸਟਰੀਟ ਤੇ ਚਰਚ ਸਟਰੀਟ ਇਲਾਕੇ ਵਿੱਚ ਅੱਗ ਲੱਗ ਜਾਣ ਕਾਰਨ ਇੱਕ ਮਹਿਲਾ ਦੀ ਮੌਤ ਹੋ ਗਈ। ਇਸ ਅੱਗ ਬਾਰੇ ਸਵੇਰੇ 4:00 ਵਜੇ ਤੋਂ ਠੀਕ ਬਾਅਦ ਐਮਰਜੰਸੀ ਸੇਵਾਵਾਂ ਨੂੰ ਦੱਸ ਕੇ ਮੌਕੇ ਉੱਤੇ ਸੱਦਿਆ ਗਿਆ। ਟੋਰਾਂਟੋ ਪੈਰਾਮੈਡਿਕਸ ਨੇ ਦੱਸਿਆ ਕਿ ਇੱਕ ਮਹਿਲਾ ਉਨ੍ਹਾਂ ਨੂੰ ਮੌਕੇ ਉੱਤੇ ਬੇਸੁੱਧ ਪਈ ਮਿਲੀ ਤੇ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਅੱਗ ਨੂੰ ਇੱਕ ਘਰ ਤੱਕ ਹੀ ਸੀਮਤ ਕਰ ਦਿੱਤਾ ਗਿਆ ਤੇ ਅੱਗ ਲੱਗਣ ਕਾਰਨ ਪਹਿਲਾਂ ਆਪਣੇ ਘਰ ਖਾਲੀ ਕਰ ਗਏ ਲੋਕ ਅੱਗ ਉੱਤੇ ਕਾਬੂ ਪਾ ਲਏ ਜਾਣ ਤੋਂ ਬਾਅਦ ਮੁੜ ਆਪਣੇ ਘਰਾਂ ਵਿੱਚ ਪਰਤ ਆਏ। ਚਰਚ ਸਟਰੀਟ ਨੂੰ ਡੰਡੋਨਲਡ ਸਟਰੀਟ ਤੋਂ ਵੈਲਸਲੇਅ ਸਟਰੀਟ ਈਸਟ ਤੱਕ ਜਾਂਚ ਲਈ ਬੰਦ ਕਰ ਦਿੱਤਾ ਗਿਆ ਸੀ ਪਰ ਬਾਅਦ ਵਿੱਚ ਇਨ੍ਹਾਂ ਲੇਨਜ਼ ਨੂੰ ਖੋਲ੍ਹ ਦਿੱਤਾ ਗਿਆ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI 416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LePAGE Flower City Realty
Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

OURR HOME & APPLIANCES
SPRING DEALS ON LUXURY APPLIANCES
DEALS
Early Spring Deals
$199 $1699* $2999* $299 $4699* $2999*
Authorized Dealer for ALL MAJOR BRANDS
HURRY NOW
KitchenAid Moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 1T8 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਸੰਪਰਕ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7


CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਵਿਆਹ ਤੋਂ ਇਕ ਦਿਨ ਪਹਿਲਾਂ ਨੌਜਵਾਨ ਦੀ ਮੌਤ, ਖੁਸ਼ੀਆਂ ਗਮੀਆਂ ਵਿਚ ਬਦਲੀਆਂ



ਬਰਨਾਲਾ, 14 ਮਾਰਚ (ਪੋਸਟ ਬਿਊਰੋ): ਬਰਨਾਲਾ ਦੇ ਪਿੰਡ ਬਖਤਗੜ੍ਹ ਵਿਖੇ ਵਿਆਹ ਤੋਂ ਇੱਕ ਦਿਨ ਪਹਿਲਾਂ ਇੱਕ ਨੌਜਵਾਨ ਦੀ ਮੌਤ ਹੋ ਗਈ। ਵਿਆਹ ਕਰਨ ਜਾ ਰਹੇ ਨੌਜਵਾਨ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋਈ। ਮ੍ਰਿਤਕ ਦੀ ਪਛਾਣ ਪੂਰਨਦੀਪ ਸਿੰਘ (32) ਵਜੋਂ ਹੋਈ ਹੈ। ਪੂਰਨਦੀਪ ਕਿਸੇ ਕੰਮ ਲਈ ਆਪਣੇ ਪਿੰਡ ਤੋਂ ਪੱਖੋ ਕੈਚੀਆਂ ਜਾ ਰਿਹਾ ਸੀ। ਪਿੰਡ ਮੱਲੀਆਂ ਨੇੜੇ ਅਚਾਨਕ ਉਸ ਦੀ ਸਿਹਤ ਵਿਗੜ ਗਈ। ਪੂਰਨਦੀਪ ਬੇਹੋਸ਼ ਹੋ ਗਿਆ। ਆਲੇ-ਦੁਆਲੇ ਦੇ ਲੋਕਾਂ ਨੇ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕੀਤਾ। ਪੂਰਨਦੀਪ ਦੀ ਮੌਤ ਦੀ ਖ਼ਬਰ ਨਾਲ ਪੂਰੇ ਪਿੰਡ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਪਿੰਡ ਵਾਸੀਆਂ ਅਤੇ ਪਰਿਵਾਰ ਦੀਆਂ ਖੁਸ਼ੀਆਂ ਮਾਤਮ ਵਿੱਚ ਬਦਲ ਗਈਆਂ। ਥਾਣਾ ਪੱਖੋਂ ਕਾਚੀਆਂ ਦੇ ਐਸਐਚਓ ਮੱਖਣ ਸ਼ਾਹ ਨੇ ਦੱਸਿਆ ਕਿ ਮ੍ਰਿਤਕ ਪੂਰਨਦੀਪ ਸਿੰਘ ਦੇ ਪਿਤਾ ਭੋਲਾ ਸਿੰਘ ਦੇ ਬਿਆਨਾਂ 'ਤੇ ਧਾਰਾ 174 ਤਹਿਤ ਕਾਰਵਾਈ ਕੀਤੀ ਗਈ ਹੈ। ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਜਾਵੇਗੀ। ਫਿਲਹਾਲ ਮੁੱਢਲੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਪੂਰਨਦੀਪ ਦੀ ਮੌਤ ਦਿਲ ਦਾ ਦੌਰਾ ਪੈਣ ਕਾਰਨ ਹੋਈ ਹੈ।

## ਓਨਟਾਰੀਓ ਦੀ ਲਿਬਰਲ ਲੀਡਰਸ਼ਿਪ ਦੌੜ ਵਿੱਚ ਹਿੱਸਾ ਲੈਣ ਲਈ ਨਕਵੀ ਨੇ ਛੱਡਿਆ ਪਾਰਲੀਆਮੈਂਟਰੀ ਅਹੁਦਾ

ਓਟਵਾ, 14 ਮਾਰਚ (ਪੋਸਟ ਬਿਊਰੋ) : ਲਿਬਰਲ ਐਮਪੀ ਯਾਸਿਰ ਨਕਵੀ ਨੇ ਪਾਰਲੀਆਮੈਂਟਰੀ ਸੈਕਟਰੀ ਦਾ ਆਪਣਾ ਅਹੁਦਾ ਛੱਡ ਦਿੱਤਾ ਹੈ ਤੇ ਸੰਭਾਵੀ ਤੌਰ ਉੱਤੇ ਹੁਣ ਉਹ ਓਨਟਾਰੀਓ ਦੀ ਲਿਬਰਲ ਲੀਡਰਸ਼ਿਪ ਦੌੜ ਵਿੱਚ ਹਿੱਸਾ ਲੈਣਗੇ।

ਨਕਵੀ ਓਟਵਾ ਸੈਂਟਰ ਸੀਟ ਉੱਤੇ ਬਣੇ ਰਹਿਣਗੇ ਪਰ ਉਹ ਕਿੰਗਜ਼ ਪ੍ਰਿਵੀ ਕਾਊਂਸਲ ਫੌਰ ਕੈਨੇਡਾ ਦੇ ਪ੍ਰੈਜ਼ੀਡੈਂਟ ਤੇ ਮਨਿਸਟਰ ਆਫ ਐਮਰਜੰਸੀ ਪ੍ਰਿਪੇਅਰਡਨੈੱਸ ਦੇ ਪਾਰਲੀਆਮੈਂਟਰੀ ਸੈਕਟਰੀ ਵਜੋਂ ਕੰਮ



ਨਹੀਂ ਕਰਨਗੇ। ਉਨ੍ਹਾਂ ਦੇ ਆਫਿਸ ਵੱਲੋਂ ਇੱਕ ਲਿਖਤੀ ਬਿਆਨ ਵਿੱਚ ਇਹ ਪੁਸ਼ਟੀ ਕੀਤੀ ਗਈ ਕਿ ਨਕਵੀ ਵੱਲੋਂ ਓਨਟਾਰੀਓ ਲਿਬਰਲ ਪਾਰਟੀ ਦੀ ਲੀਡਰਸ਼ਿਪ ਲਈ ਆਪਣੇ ਪਰ ਤੋਲਣ ਵਾਸਤੇ ਇਹ ਕਦਮ ਚੁੱਕਿਆ ਗਿਆ ਹੈ।

ਇਸ ਦੌਰਾਨ ਐਮਰਜੰਸੀ ਪ੍ਰਿਪੇਅਰਡਨੈੱਸ ਮੰਤਰੀ ਬਿੱਲ ਬਲੇਅਰ ਨੇ ਨਕਵੀ ਦੇ ਇਸ ਫੈਸਲੇ ਉੱਤੇ ਉਨ੍ਹਾਂ ਨੂੰ ਸੁੱਭ ਇੱਛਾਵਾਂ ਦਿੱਤੀਆਂ ਤੇ ਇਹ ਵੀ ਆਖਿਆ ਕਿ ਉਨ੍ਹਾਂ ਨਾਲ ਰਲ ਕੇ ਉਨ੍ਹਾਂ ਨੇ ਕੈਨੇਡਾ ਵਿੱਚ ਐਮਰਜੰਸੀ ਮੈਨੇਜਮੈਂਟ ਨੂੰ ਮਜ਼ਬੂਤ ਕਰਨ ਲਈ ਕਾਫੀ ਕੰਮ ਕੀਤਾ। ਨਕਵੀ 2021 ਵਿੱਚ ਫੈਡਰਲ ਪੱਧਰ ਉੱਤੇ ਚੁਣੇ ਗਏ ਸਨ ਪਰ ਲੱਗਭਗ ਨੌਂ ਸਾਲ ਤੱਕ ਉਨ੍ਹਾਂ ਕੁਈਨਜ਼ ਪਾਰਕ ਵਿਖੇ ਸੇਵਾ ਨਿਭਾਈ ਸੀ। ਇਸ ਅਰਸੇ ਦੌਰਾਨ ਉਹ ਓਨਟਾਰੀਓ ਦੇ ਅਟਾਰਨੀ ਜਨਰਲ ਤੇ ਲੇਬਰ ਮੰਤਰੀ ਵੀ ਰਹੇ ਸਨ।

ਓਨਟਾਰੀਓ ਦੀ ਲਿਬਰਲ ਪਾਰਟੀ ਪਿਛਲੇ ਜੂਨ ਵਿੱਚ ਹੋਈਆਂ ਪ੍ਰੋਵਿੰਸ਼ੀਅਲ ਚੋਣਾਂ ਤੋਂ ਅੰਤਰਿਮ ਆਗੂ ਦੇ ਸਹਾਰੇ ਚੱਲ ਰਹੀ ਹੈ ਤੇ ਪਾਰਟੀ ਦਾ ਨਵਾਂ ਲੀਡਰ ਚੁਣਨ ਲਈ ਅਜੇ ਲਿਬਰਲਾਂ ਵੱਲੋਂ ਤਰੀਕ ਤੈਅ ਕੀਤੀ ਜਾਣੀ ਬਾਕੀ ਹੈ।

## ਅੱਜ ਨਾਮਾ

ਪਾਰਲੀਮੈਂਟ ਵਿੱਚ ਥੋੜ੍ਹਾ ਜਿਹਾ ਕੰਮ ਹੁੰਦਾ,
ਨਾਅਰੇ ਲੱਗਣ ਜਾਂ ਪੈਂਦੀ ਪਈ ਖੱਪ ਬੇਲੀ।
ਆਪੋ ਵਿੱਚ ਉਹ ਲਾਉਂਦੇ ਨੇ ਦੋਸ਼ ਜਿਹੜੇ,
ਸੁਣਦਿਆਂ ਲੋਕਾਂ ਨੂੰ ਲੱਗ ਰਹੇ ਗੱਪ ਬੇਲੀ।
ਕਾਵਾਂ-ਰੌਲੀ ਬੱਸ ਪੈਂਦੜੀ ਦਿੱਸ ਰਹੀ ਆ,
ਲੈਂਦੇ ਈਅਕਲ ਦੀ ਗੱਲ ਸਭਨੱਪ ਬੇਲੀ।
ਪਤਾ ਲੱਗੇ ਨਹੀਂ ਰਹਿੰਦੀ ਹੈ ਮੱਦ ਕਿਹੜੀ,
ਰੱਫੜ ਵਿੱਚ ਗਈ ਕਿਹੜੀ ਸੀ ਟੱਪ ਬੇਲੀ।
ਗੁਤਾਵਾ ਗੱਲਾਂ ਦਾ ਰੁੱਝੇ ਪਏ ਕਰਨ ਸਾਰੇ,
ਝੂਠ-ਸੱਚ ਵਿੱਚ ਲੱਭੇ ਨਹੀਂ ਫਰਕ ਬੇਲੀ।
ਰਲ-ਮਿਲ ਲੀਡਰਾਂਕੀਤੜਾਸਾਰਿਆਂ ਨੇ,
ਲੋਕਤੰਤਰ ਦਾ ਬੇੜਾ ਜਿਹਾ ਗਰਕ ਬੇਲੀ।

**ਤੀਸ ਮਾਰ ਖਾਂ**

## ਆਈਐਮਐਫ ਖਿਲਾਫ ਮਜ਼ਦੂਰ ਜਮਾਤ ਦਾ ਸਾਂਝਾ ਮੋਰਚਾ, ਅੱਜ ਰਾਤ ਤੋਂ ਸਭ ਕੁਝ ਠੱਪ

ਕੋਲੰਬੋ, 14 ਮਾਰਚ (ਪੋਸਟ ਬਿਊਰੋ): ਸ਼੍ਰੀਲੰਕਾ ਵਿੱਚ ਜਨਤਕ ਵਿਰੋਧ ਦੀ ਇੱਕ ਨਵੀਂ ਲਹਿਰ ਦਿਖਾਈ ਦੇ ਰਹੀ ਹੈ। ਟਰੇਡ ਯੂਨੀਅਨਾਂ ਨੇ ਮੰਗਲਵਾਰ ਅੱਧੀ ਰਾਤ ਤੋਂ ਪੂਰੇ ਦੇਸ਼ ਨੂੰ ਬੰਦ ਕਰਨ ਦਾ ਐਲਾਨ ਕੀਤਾ ਹੈ। ਇਨ੍ਹਾਂ ਯੂਨੀਅਨਾਂ ਦੇ ਸੱਦੇ 'ਤੇ ਬਿਜਲੀ ਅਤੇ ਊਰਜਾ, ਮੈਡੀਕਲ, ਬੈਂਕਿੰਗ ਅਤੇ ਹੋਰ ਕਈ ਪ੍ਰਮੁੱਖ ਸੇਵਾਵਾਂ ਦੇ ਕਰਮਚਾਰੀ ਅੰਤਰਰਾਸ਼ਟਰੀ ਮੁਦਰਾ ਫੰਡ (ਆਈਐੱਮਐੱਫ) ਦੇ ਦਬਾਅ ਹੇਠ ਚੁੱਕੇ ਗਏ ਕਦਮਾਂ ਦੇ ਵਿਰੋਧ 'ਚ ਹੜਤਾਲ 'ਤੇ ਜਾ ਰਹੇ ਹਨ।

ਹੜਤਾਲ ਸਬੰਧੀ ਪ੍ਰੋਗਰਾਮਾਂ ਦੀ ਜਾਣਕਾਰੀ ਦੇਣ ਲਈ ਟਰੇਡ ਯੂਨੀਅਨਾਂ ਵੱਲੋਂ ਸੋਮਵਾਰ ਨੂੰ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਵਿੱਚ ਸਮਾਗੀ ਟਰੇਡ ਯੂਨੀਅਨ ਕਲੈਕਟਿਵ ਦੇ ਕਨਵੀਨਰ ਆਨੰਦ ਪਾਲਿਤਾ ਨੇ ਕਿਹਾ ਕਿ ਜੇਕਰ ਇਸ ਸਰਕਾਰ ਨੇ ਆਮਦਨ ਕਰ ਵਿੱਚ ਕੀਤੇ ਵਾਧੇ ਅਤੇ ਬਿਜਲੀ ਡਿਊਟੀ ਸਮੇਤ ਟੈਕਸਾਂ ਵਿੱਚ ਕਟੌਤੀ ਨੂੰ ਵਾਪਸ ਨਾ ਲਿਆ ਤਾਂ ਟਰੇਡ ਯੂਨੀਅਨਾਂ ਇਸ ਸਰਕਾਰ ਦੇ ਭਵਿੱਖ ਦਾ ਫੈਸਲਾ ਕਰਨਗੀਆਂ। ਟਰੇਡ ਯੂਨੀਅਨਾਂ ਨੇ ਦੋਸ਼ ਲਗਾਇਆ ਹੈ ਕਿ ਰਾਨਿਲ ਵਿਕਰਮਸਿੰਘੇ ਸਰਕਾਰ ਸੀਲੋਨ ਇਲੈਕਟ੍ਰੀਸਿਟੀ ਬੋਰਡ (ਸੀਐਫਬੀ) ਨੂੰ ਵੇਚਣ ਦੀ ਤਿਆਰੀ ਕਰ ਰਹੀ ਹੈ, ਜੋ ਹੁਣ ਇੱਕ ਮੁਨਾਫੇ ਵਾਲੀ ਜਨਤਕ ਖੇਤਰ ਦੀ ਕੰਪਨੀ ਹੈ।



ਪਾਲੀਤਾ ਨੇ ਕਿਹਾ, 'ਜੇਕਰ ਸਰਕਾਰ ਨੇ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ 14 ਮਾਰਚ ਦੀ ਅੱਧੀ ਰਾਤ ਤੋਂ ਰੇਲ ਗੱਡੀਆਂ ਬੰਦ ਹੋ ਜਾਣਗੀਆਂ, ਬਿਜਲੀ ਸਪਲਾਈ ਕੱਟ ਦਿੱਤੀ ਜਾਵੇਗੀ, ਡਾਕਟਰਾਂ ਦਾ ਕੰਮ ਬੰਦ ਹੋ ਜਾਵੇਗਾ ਅਤੇ ਯੂਨੀਵਰਸਿਟੀਆਂ, ਊਰਜਾ ਅਤੇ ਬੈਂਕਿੰਗ ਖੇਤਰ ਆਦਿ 'ਚ ਕੰਮ ਆ ਜਾਵੇਗਾ। ਉਸ ਤੋਂ ਬਾਅਦ ਦੇਖਣਾ ਇਹ ਹੋਵੇਗਾ ਕਿ ਇਹ ਸਰਕਾਰ ਰਹਿੰਦੀ ਹੈ ਜਾਂ ਜਾਂਦੀ ਹੈ।

ਮੀਡੀਆ ਰਿਪੋਰਟਾਂ ਮੁਤਾਬਕ ਕਈ ਸੂਬਿਆਂ 'ਚ ਮੈਡੀਕਲ ਡਾਕਟਰ ਪਹਿਲਾਂ ਹੀ ਅੰਦੋਲਨ 'ਤੇ ਹਨ ਅਤੇ ਇਸ ਕਾਰਨ ਦੇਸ਼ ਦਾ ਸਾਰਾ ਸਿਹਤ ਖੇਤਰ ਲਗਭਗ ਠੱਪ ਹੋ ਗਿਆ ਹੈ। ਇਸ ਕਾਰਨ ਮਰੀਜ਼ਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਡਾਕਟਰ ਵੀ ਆਈਐਮਐਫ ਦੀਆਂ ਸ਼ਰਤਾਂ ਮੁਤਾ-ਬਕ ਵਧੇ ਟੈਕਸ ਦਾ ਵਿਰੋਧ ਕਰ ਰਹੇ ਹਨ। ਡਾਕਟਰਾਂ ਦੇ ਅੰਦੋਲਨ ਨੇ ਪੱਛਮੀ, ਦੱਖਣੀ, ਮੱਧ ਅਤੇ ਪੂਰਬੀ ਸੂਬਿਆਂ ਵਿੱਚ ਸਿਹਤ ਸੇਵਾਵਾਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

UKTTC UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਲਹਿੰਦੇ ਪੰਜਾਬ ਵਿਚ ਪੰਜਾਬੀਆਂ ਨੇ 'ਪੰਜਾਬੀ ਸੱਭਿਆਚਾਰ ਦਿਵਸ' ਪੂਰੀ ਧੂਮ-ਧਾਮ ਨਾਲ ਮਨਾਇਆ

**ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਹੋਏ ਸੈਮੀਨਾਰ, ਪੰਜਾਬੀ ਪਹਿਰਾਵੇ ਵਿਚ ਸੱਜ-ਧੱਜ ਕੇ ਪੰਜਾਬੀਆਂ ਨੇ ਢੋਲ ਦੀ ਤਾਲ 'ਤੇ ਪਾਏ ਭੰਗੜੇ**








ਅੰਮ੍ਰਿਤਸਰ, (ਡਾ. ਝੰਡ): ਲਾਹੌਰ ਤੋਂ 'ਪੰਜਾਬੀ ਪ੍ਰਚਾਰ ਟੀ.ਵੀ.' ਦੇ ਸੰਚਾਲਕ ਅਹਿਮਦ ਰਜ਼ਾ ਪੰਜਾਬੀ ਕੋਲੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਲਹਿੰਦੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਅਤੇ ਪਿੰਡਾਂ ਵਿਚ 'ਪੰਜਾਬੀ ਸੱਭਿਆਚਾਰ ਦਿਵਸ' ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪੰਜਾਬ ਵਿਚ ਵੱਖ-ਵੱਖ ਥਾਵਾਂ 'ਤੇ ਹੋਏ ਇਨ੍ਹਾਂ ਜਸ਼ਨਾਂ ਵਿਚ ਪੰਜਾਬੀ ਆਰਗੇਨਾਈਜ਼ੇਸ਼ਨਾਂ, ਵਿਦਿਆਰਥੀਆਂ, ਨੌਜੁਆਨਾਂ, ਵਕੀਲਾਂ ਅਤੇ ਕਈ ਸਮਾਜਿਕ ਤੇ ਸੱਭਿਆਚਾਰਕ ਸੰਸਥਾਵਾਂ ਵੱਲੋਂ ਬੜੀ ਧੂਮ-ਧਾਮ ਨਾਲ ਭਾਗ ਲਿਆ ਗਿਆ।

ਇੱਥੇ ਇਹ ਜ਼ਿਕਰਯੋਗ ਹੈ ਕਿ ਦੇਸੀ ਮਹੀਨੇ ਦੇ ਪਹਿਲੇ ਮਹੀਨੇ ਚੇਤਰ ਦੇ ਪਹਿਲੇ ਦਿਨ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦਾ ਇਹ ਵਿਸ਼ੇਸ਼ ਦਿਨ ਲਹਿੰਦੇ ਪੰਜਾਬ ਦੇ ਸਮੂਹ ਪੰਜਾਬੀਆਂ ਵੱਲੋਂ ਬੜੀ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ ਅਤੇ ਇਸ ਸਾਲ ਇਹ 14 ਮਾਰਚ ਦਿਨ ਮੰਗਲਵਾਰ ਨੂੰ ਸਾਰੇ ਪੰਜਾਬ ਵਿਚ ਬੜੇ ਜੋਸ਼-ਓ-ਖ਼ਰੋਸ਼ ਨਾਲ ਮਨਾਇਆ ਗਿਆ। ਪੰਜਾਬ ਦੇ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਇਸ ਸਬੰਧੀ ਸੈਮੀਨਾਰ ਆਯੋਜਿਤ ਕੀਤੇ ਗਏ ਅਤੇ ਸਕੂਲਾਂ ਵਿਚ ਵੀ ਵਿਦਿਆਰਥੀਆਂ ਨੂੰ ਇਸ ਦਿਨ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਦੇ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਅਹਿਮਦ ਰਜ਼ਾ ਨੇ ਦੱਸਿਆ ਕਿ ਪੰਜਾਬੀ ਸੱਭਿਆਚਾਰ ਨਾਲ ਜੁੜੇ ਇਸ ਦਿਨ ਨੂੰ ਮਨਾਉਣ ਦੀ ਸ਼ੁਰੂਆਤ ਕਰਨ ਲਈ 'ਪੰਜਾਬੀ ਪ੍ਰਚਾਰ ਆਰਗੇਨਾਈਜ਼ੇਸ਼ਨ' ਦੇ ਕੁਝ ਮੈਂਬਰ 2020 ਦੇ ਫ਼ਰਵਰੀ ਮਹੀਨੇ ਉਸ ਸਮੇਂ ਦੇ ਮਨਿਸਟਰ ਆਫ਼ ਕਲਚਰ ਜਨਾਬ ਖ਼ਿਆਲ ਅਹਿਮਦ ਕਾਸਤਰੋ ਸਾਹਿਬ ਨੂੰ ਮਿਲੇ ਅਤੇ ਉਨ੍ਹਾਂ ਨੂੰ ਇਸ ਸਬੰਧੀ ਬੇਨਤੀ ਕੀਤੀ ਗਈ ਜੋ ਉਨ੍ਹਾਂ ਵੱਲੋਂ ਤੁਰਤ ਪ੍ਰਵਾਨ ਕਰ ਲਈ ਗਈ। ਮਨਿਸਟਰ ਕਾਸਤਰੋ ਨੇ ਓਸੇ ਦਿਨ ਪੰਜਾਬ ਸਰਕਾਰ ਵੱਲੋਂ ਸਬੰਧਿਤ ਮਹਿਕਮਿਆਂ ਨੂੰ ਇਹ ਸੱਭਿਆਚਾਰਕ ਦਿਨ ਮਨਾਉਣ ਲਈ ਨੋਟੀਫ਼ਿਕੇਸ਼ਨ ਜਾਰੀ ਕਰਵਾ ਦਿੱਤਾ ਅਤੇ ਸਾਲ 2020 ਤੋਂ ਇਹ ਦਿਨ ਪਹਿਲੀ ਚੇਤਰ ਨੂੰ ਮਨਾਉਣਾ ਆਰੰਭ ਹੋ ਗਿਆ।

ਲਾਹੌਰ ਤੋਂ ਅਹਿਮਦ ਰਜ਼ਾ ਨੇ ਫ਼ੋਨ 'ਤੇ ਇਸ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਦਿਨ ਨੂੰ ਮਨਾਉਣ ਲਈ ਲਾਹੌਰ, ਫ਼ੈਸਲਾਬਾਦ, ਕਸੂਰ, ਸ਼ੇਖ਼ੂਪੁਰਾ, ਮੁਲਤਾਨ, ਫ਼ਰੁਕਾਬਬਾਦ, ਨਾਰੋਵਾਲ ਅਤੇ ਪੰਜਾਬ ਦੇ ਕਈ ਹੋਰ ਸ਼ਹਿਰਾਂ ਤੇ ਪਿੰਡਾਂ ਵਿਚ ਪੰਜਾਬੀ ਪਹਿਰਾਵੇ ਵਿਚ ਪੂਰੀ ਤਰ੍ਹਾਂ ਸੱਜ ਕੇ, ਪੈਰੀਂ ਖੁੱਸੇ ਪਾ ਕੇ ਅਤੇ ਸਿਰਾਂ 'ਤੇ ਸ਼ਮਲੇ ਵਾਲੀਆਂ ਪੱਗਾਂ ਬੰਨ੍ਹ ਕੇ ਪੰਜਾਬੀ ਨੌਜੁਆਨ ਢੋਲ ਦੇ ਤਾਲ 'ਤੇ ਪੂਰੇ ਵੱਜਦ ਵਿਚ ਆ ਕੇ ਭੰਗੜੇ ਪਾਉਂਦੇ ਵੇਖੇ ਗਏ। ਕਈ ਥਾਈਂ ਸਕੂਲੀ ਵਿਦਿਆਰਥੀਆਂ ਅਤੇ ਹੋਰ ਬੱਚਿਆਂ ਨੇ ਭੰਗੜੇ ਵਿਚ ਉਨ੍ਹਾਂ ਦਾ ਖ਼ੂਬ ਸਾਥ ਦਿੱਤਾ।

# ਸਿੱਖ ਏਡ ਸਕਾਟਲੈਂਡ ਵੱਲੋਂ ਸਿਕਲੀਗਰ ਵਣਜਾਰੇ ਸਿੱਖਾਂ ਦੀ ਮੱਦਦ ਲਈ ਵਿਸ਼ਾਲ ਫੰਡ ਰੇਜ਼ਿੰਗ ਸਮਾਗਮ



**ਸਕਾਟਲੈਂਡ ਵਿੱਚ ਹੋਏ ਸਮਾਗਮ ਨੇ ਰਚਿਆ ਨਵਾਂ ਇਤਿਹਾਸ**



ਗਲਾਸਗੋ (ਮਨਦੀਪ ਖੁਰਮੀ ਹਿੰਮਤਪੁਰਾ): ਕਹਿੰਦੇ ਹਨ ਕਿਸੇ ਨੂੰ ਪੈਸਾ ਦਾਨ ਦੇਣ ਦੀ ਬਜਾਏ ਉੱਤਮ ਦਾਨ ਵਿੱਦਿਆ ਦਾ ਦਾਨ ਦੇ ਦਿਉ। ਜਿਸ ਨੂੰ ਹਾਸਲ ਕਰਕੇ ਵਿੱਦਿਆ ਦਾਨ ਲੈਣ ਵਾਲਾ ਕਮਾਊ ਹੱਥ ਬਣ ਕੇ ਆਪਣੀਆਂ ਪੀੜ੍ਹੀਆਂ ਦੀ ਤਕਦੀਰ ਬਦਲ ਦੇਵੇਗਾ। ਇਸੇ ਕਥਨ ਨੂੰ ਅਸਲੀਅਤ ਵਿੱਚ ਬਦਲਣ ਲਈ ਸਕਾਟਲੈਂਡ ਦੀ ਵੱਕਾਰੀ ਸੰਸਥਾ ਸਿੱਖ ਏਡ ਸਕਾਟਲੈਂਡ 21 ਸਾਲਾਂ ਤੋਂ ਸਰਗਰਮੀ ਨਾਲ ਕਾਰਜ ਕਰਦੀ ਆ ਰਹੀ ਹੈ। ਸਮਾਜ ਸੇਵਾ ਦੇ 21 ਵਰ੍ਹਿਆਂ ਨੂੰ ਸਮਰਪਿਤ ਇੱਕ ਵਿਸ਼ਾਲ ਸਮਾਗਮ ਸਿੱਖ ਏਡ ਸਕਾਟਲੈਂਡ ਵੱਲੋਂ ਨਾਰਮੰਡੀ ਹੋਟਲ ਵਿਖੇ ਕਰਵਾਇਆ ਗਿਆ। ਜਿਸ ਵਿੱਚ ਡਿਨਰ ਬਹਾਨੇ ਰਲ ਮਿਲ ਬੈਠਣ, ਰੰਗਾਰੰਗ ਪ੍ਰੋਗਰਾਮ ਦਾ ਆਨੰਦ ਮਾਨਣ ਅਤੇ ਫੰਡ ਰੇਜ਼ਿੰਗ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਸਮਾਗਮ ਦਾ ਮੁੱਖ ਉਦੇਸ਼ ਮੱਧ ਪ੍ਰਦੇਸ਼ ਵਿਚ ਵਸਦੇ ਸਿਕਲੀਗਰ ਵਣਜਾਰੇ ਸਿੱਖ ਪਰਿਵਾਰਾਂ ਦਾ ਜੀਵਨ ਪੱਧਰ ਸੁਧਾਰਨ, ਉਹਨਾਂ ਦੇ ਬੱਚਿਆਂ ਲਈ 1000 ਬੱਚੇ ਦੀ ਸਮਰੱਥਾ ਵਾਲੇ ਸਕੂਲ ਦਾ ਨਿਰਮਾਣ ਕਰਨਾ ਸੀ। ਸਮਾਗਮ ਦੀ ਸ਼ੁਰੂਆਤ ਪੰਜਾਬੀਆਂ ਦੇ ਸਾਜ ਢੋਲ ਅਤੇ ਸਕਾਟਿਸ਼ ਰਵਾਇਤੀ ਸਾਜ ਬੈਗਪਾਈਪਰ ਦੇ ਸੁਮੇਲ ਨਾਲ ਹੋਈ। ਮੰਚ ਸੰਚਾਲਕ ਵਜੋਂ ਜਿੰਮੇਵਾਰੀ ਸਾਂਭਦਿਆਂ ਮਨਦੀਪ ਖੁਰਮੀ ਹਿੰਮਤਪੁਰਾ ਅਤੇ ਰੂਪਾ ਮੁੱਕਰ ਵੱਲੋਂ ਸਿੱਖ ਏਡ ਸਕਾਟਲੈਂਡ ਦੇ ਮੁੱਖ ਸੇਵਾਦਾਰ ਸੁਲੱਖਣ ਸਿੰਘ ਸਮਰਾ ਨੂੰ ਸੱਦਾ ਦਿੱਤਾ ਤਾਂ ਕਿ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਜਾ ਸਕੇ। ਇਸ ਉਪਰੰਤ ਡਾ. ਸਤਬੀਰ ਕੌਰ ਗਿੱਲ ਵੱਲੋਂ ਪ੍ਰੈਜ਼ੈਂਟੇਸ਼ਨ ਰਾਹੀਂ ਸੰਸਥਾ ਵੱਲੋਂ ਕੀਤੇ ਕੰਮਾਂ ਬਾਰੇ ਦੱਸਿਆ ਗਿਆ। ਸਮਾਗਮ ਵਿੱਚ ਸਾਹਿਤਕ ਅਤੇ ਸੱਭਿਆਚਾਰਿਕ ਰੰਗ ਭਰਦਿਆਂ ਸ਼ਾਇਰ ਲਾਭ ਗਿੱਲ ਦੋਦਾ ਵੱਲੋਂ ਆਪਣੀ ਨਜ਼ਮ "ਸਿੰਘੋ ਵਣਜਾਰਿਓ" ਰਾਹੀਂ ਹਾਜ਼ਰੀ ਭਰੀ ਗਈ ਉੱਥੇ ਸਕਾਟਲੈਂਡ ਦੇ ਪ੍ਰਸਿੱਧ ਗਿੱਧਾ ਗਰੁੱਪ "ਮਹਿਕ ਪੰਜਾਬ ਦੀ" ਵੱਲੋਂ ਗਿੱਧੇ ਦੀ ਬਿਹਤਰੀਨ ਪੇਸ਼ਕਾਰੀ ਰਾਹੀਂ ਖੂਬ ਤਾੜੀਆਂ ਬਟੋਰੀਆਂ ਗਈਆਂ। ਬਹੁਤ ਹੀ ਭਾਵੁਕ ਤਕਰੀਰ ਕਰਦਿਆਂ ਗੁਰਦੀਪ ਸਿੰਘ ਸਮਰਾ ਨੇ ਸਿਕਲੀਗਰ ਵਣਜਾਰੇ ਸਿੱਖਾਂ ਦੀ ਗਰੀਬੀ, ਉਹਨਾਂ ਦੇ ਰਹਿਣ ਸਹਿਣ ਅਤੇ ਬੱਚਿਆਂ ਦੇ ਪੜ੍ਹਾਈ ਤੋਂ ਵਾਂਝੇ ਰਹਿਣ ਦੀ ਦਰਦਮਈ ਗਾਥਾ ਨੂੰ ਆਪਣਾ ਸ਼ਬਦਾਂ ਰਾਹੀਂ ਬਿਆਨ ਕੀਤਾ ਤਾਂ ਸੰਗਤਾਂ ਵੱਲੋਂ ਖੁੱਲ੍ਹੇ ਦਿਲ ਨਾਲ ਦਸਵੰਧ ਭੇਟ ਕਰਨ ਦੀ ਹੱਦ ਤੋੜ ਦਿੱਤੀ ਤੇ ਲਗਭਗ 50 ਹਜ਼ਾਰ ਪੌਂਡ ਦੀ ਰਾਸ਼ੀ ਸਿਕਲੀਗਰ ਸਿੱਖ ਬੱਚਿਆਂ ਲਈ ਬਣਾਏ ਜਾਣ ਵਾਲੇ ਸਕੂਲ ਲਈ ਇਕੱਠੀ ਹੋ ਗਈ। ਇਸ ਸਮੇਂ ਹਰਸਿਮਰ ਕੌਰ ਹਾਰਾ ਨੇ ਅੰਗਰੇਜ਼ੀ ਵਿੱਚ ਭਾਸ਼ਣ ਦੇ ਕੇ ਆਪਣੇ ਹਾਣੀ ਮੁੰਡੇ ਕੁੜੀਆਂ ਨੂੰ ਚੰਗੇ ਕੰਮਾਂ ਨਾਲ ਜੁੜਨ ਲਈ ਬੇਨਤੀ ਕੀਤੀ।

ਸਮਾਗਮ ਦੇ ਸਮਾਪਤੀ ਵੱਲ ਜਾਣ ਤੋਂ ਪਹਿਲਾਂ ਪ੍ਰਸਿੱਧ ਹਾਸ-ਰਸ ਕਲਾਕਾਰ ਰੇਅ ਆਫ ਸਨਸ਼ਾਈਨ ਅਤੇ ਟੀਜੇ ਸਿੰਘ ਵੱਲੋਂ ਹਾਜ਼ਰੀਨ ਦੇ ਬੁੱਲਾਂ 'ਤੇ ਮੁਸਕਰਾਹਟ ਲਿਆਉਣ ਦੀ ਸਫਲ ਕੋਸ਼ਿਸ਼ ਕੀਤੀ। ਰੈਫਲ ਪ੍ਰਾਈਜ਼ਜ਼ ਦੇ ਦੌਰ ਉਪਰੰਤ ਸੰਸਥਾ ਦੇ ਜੁੰਮਿਵਾਰ ਆਗੂ ਡਾ. ਇੰਦਰਜੀਤ ਸਿੰਘ ਵੱਲੋਂ ਸਮਾਗਮ ਵਿੱਚ ਸ਼ਿਰਕਤ ਕਰਨ ਪਹੁੰਚੇ ਹਰ ਸਖਸ਼ ਦਾ ਧੰਨਵਾਦ ਕਰਨ ਦੇ ਨਾਲ ਦਾਨੀ ਸੱਜਣਾਂ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਸ਼ਿਵਚਰਨ ਸਿੰਘ ਗਿੱਲ ਮੈਮੋਰੀਅਲ ਟਰੱਸਟ ਯੂਕੇ ਵੱਲੋਂ ਸਲਾਨਾ ਸਾਹਿਤਕ ਅਤੇ ਇਨਾਮ ਵੰਡ ਸਮਾਗਮ ਕਰਵਾਇਆ ਗਿਆ

***ਦੀਦਾਰ ਸਿੰਘ ਪ੍ਰਦੇਸੀ, ਚੰਨੀ ਸਿੰਘ ਓ ਬੀ ਈ, ਸ਼ਿਵਚਰਨ ਜੱਗੀ ਕੁੱਸਾ ਤੇ ਅਮਰ ਜਯੋਤੀ ਸਨਮਾਨਿਤ *ਯੂਕੇ ਦੇ ਸਭ ਤੋਂ ਛੋਟੀ ਉਮਰ ਦੇ ਬਾਲ ਗਾਇਕ ਹਿੰਮਤ ਖੁਰਮੀ ਦਾ ਵਿਸ਼ੇਸ਼ ਸਨਮਾਨ**









ਲੰਡਨ (ਮਨਦੀਪ ਖੁਰਮੀ ਹਿੰਮਤਪੁਰਾ) ਮਿੰਨੀ ਪੰਜਾਬ ਵਜੋਂ ਜਾਣੇ ਜਾਂਦੇ ਸਾਊਥਾਲ ਵਿਖੇ ਸ਼ਿਵਚਰਨ ਸਿੰਘ ਗਿੱਲ ਮੈਮੋਰੀਅਲ ਟਰੱਸਟ ਯੂਕੇ ਵੱਲੋਂ ਸਲਾਨਾ ਸਾਹਿਤਕ ਅਤੇ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਹਰ ਸਾਲ ਪੰਜਾਬੀ ਦੇ ਉੱਘੇ ਕਵੀ, ਨਾਵਲਕਾਰ ਅਤੇ ਕਹਾਣੀਕਾਰ ਬਾਪੂ ਸ਼ਿਵਚਰਨ ਸਿੰਘ ਗਿੱਲ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਇਸ ਸਮਾਗਮ ਨੂੰ ਕਰਵਾਉਣ ਦਾ ਸਿਹਰਾ ਉਨ੍ਹਾਂ ਦੀ ਬੇਟੀ ਸ਼ਿਵਦੀਪ ਕੌਰ ਢੇਸੀ ਅਤੇ ਉਨ੍ਹਾਂ ਦੇ ਮਾਤਾ ਸ੍ਰੀਮਤੀ ਧਨਿੰਦਰ ਕੌਰ ਜੀ ਨੂੰ ਜਾਂਦਾ ਹੈ ਜੋ ਪਰਿਵਾਰ ਦੀ ਸਹਾਇਤਾ ਨਾਲ ਇਹ ਉੱਦਮ ਕਰਦੇ ਹਨ। ਇਸ ਬਹੁਤ ਹੀ ਸ਼ਾਨਦਾਰ ਪ੍ਰੋਗਰਾਮ ਨੂੰ ਦੋ ਭਾਗਾਂ ਵਿੱਚ ਵੰਡਿਆ ਗਿਆ। ਸਮਾਗਮ ਦੀ ਸ਼ੁਰੂਆਤ ਸ਼ਿਵਦੀਪ ਕੌਰ ਢੇਸੀ ਵੱਲੋਂ ਦੂਰ ਦੁਰਾਡੇ ਤੋਂ ਪਹੁੰਚੇ ਸਾਹਿਤ ਪ੍ਰੇਮੀਆਂ ਨੂੰ ਜੀ ਆਇਆਂ ਕਹਿਣ ਨਾਲ ਹੋਈ। ਚਾਹ ਪਾਣੀ ਦੀ ਸੇਵਾ ਉਪਰੰਤ ਪਹਿਲੇ ਭਾਗ ਵਿੱਚ ਆਪਣੇ ਆਪਣੇ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲਿਆਂ ਵਿੱਚੋਂ ਕੁਝ ਸਖ਼ਸ਼ੀਅਤਾਂ ਨੂੰ ਸਨਮਾਨ ਪੱਤਰਾਂ ਨਾਲ ਸਨਮਾਨਿਤ ਕੀਤਾ ਗਿਆ। ਪਹਿਲੇ ਭਾਗ ਦੇ ਪ੍ਰਧਾਨਗੀ ਮੰਡਲ ਵਿੱਚ ਡਾ. ਅਮਰਜੋਯਤੀ, ਅਮਨਦੀਪ ਸਿੰਘ (ਗਲਾਸਗੋ), ਜਸਵਿੰਦਰ ਰੱਤੀਆਂ, ਮਹਿੰਦਰਪਾਲ ਧਾਲੀਵਾਲ ਅਤੇ ਸ਼ਿਵਦੀਪ ਕੌਰ ਢੇਸੀ ਬੈਠੇ। ਇਸ ਸਮਾਗਮ ਵਿੱਚ ਸਕਾਟਲੈਂਡ ਤੋਂ ਪ੍ਰਸਾਰਿਤ ਹੁੰਦੇ ਯੂਕੇ ਦੇ ਹੁਣ ਤੱਕ ਦੇ ਪਹਿਲੇ ਪੰਜਾਬੀ ਈਪੇਪਰ 'ਪੰਜ ਦਰਿਆ' ਦੇ ਸੰਪਾਦਕ ਮਨਦੀਪ ਖੁਰਮੀ ਹਿੰਮਤਪੁਰਾ ਦੇ ਸਪੁੱਤਰ ਹਿੰਮਤ ਖੁਰਮੀ ਨੂੰ ਛੋਟੀ ਉਮਰ ਵਿੱਚ ਪੰਜਾਬੀ ਮਾਂ ਬੋਲੀ ਲਈ ਗਾਏ ਗੀਤ ਕਰਕੇ ਸਨਮਾਨ ਦੇਣ ਲਈ ਸੱਦਾ ਦਿੱਤਾ ਗਿਆ ਅਤੇ ਹਿੰਮਤ ਖੁਰਮੀ ਬਾਰੇ ਆਪਣੇ ਦਿਲ ਦੇ ਵਲਵਲੇ ਸ਼ਿਵਚਰਨ ਜੱਗੀ ਕੁੱਸਾ ਨੇ ਪ੍ਰਗਟ ਕਰਦਿਆਂ ਮਨਦੀਪ ਖੁਰਮੀ ਹਿੰਮਤਪੁਰਾ ਤੇ ਨੀਲਮ ਖੁਰਮੀ ਨੂੰ ਸ਼ਾਬਾਸ਼ ਦਿੱਤੀ ਜਿਹਨਾਂ ਨੇ ਬੱਚਿਆਂ ਨੂੰ ਮਾਂ ਬੋਲੀ ਪੰਜਾਬੀ ਦੇ ਲੜ ਲਾਈ ਰੱਖਣ ਲਈ ਹਰ ਸਾਹ ਅਰਪਣ ਕੀਤਾ ਹੋਇਆ ਹੈ। ਨਾਵਲਕਾਰੀ ਦੇ ਖੇਤਰ ਵਿੱਚ ਬੁਲੰਦੀਆਂ ਹਾਸਲ ਕਰਨ ਵਾਲੇ ਨਾਵਲਕਾਰ ਸ਼ਿਵਚਰਨ ਜੱਗੀ ਕੁੱਸਾ ਨੂੰ ਸਨਮਾਨ ਲਈ ਬੁਲਾਵਾ ਦੇਣ ਉਪਰੰਤ ਮਨਦੀਪ ਖੁਰਮੀ ਹਿੰਮਤਪੁਰਾ ਨੇ ਆਪਣੀ ਜ਼ਿੰਦਗੀ ਵਿੱਚ ਸ਼ਿਵਚਰਨ ਸਿੰਘ ਗਿੱਲ ਅਤੇ ਸ਼ਿਵਚਰਨ ਜੱਗੀ ਕੁੱਸਾ ਦੀਆਂ ਸਿੱਖਿਆਵਾਂ ਨੂੰ ਬਾਖੂਬੀ ਚਿਤਰਣ ਕੀਤਾ। ਪੰਜਾਬੀ ਗਾਇਕੀ ਦੇ ਬਾਬਾ ਬੋਹੜ ਦੀਦਾਰ ਸਿੰਘ ਪ੍ਰਦੇਸੀ ਜੀ ਅਤੇ ਗਾਡਫਾਦਰ ਆਫ ਭੰਗੜਾ ਵਜੋਂ ਜਾਣੇ ਜਾਂਦੇ ਚੰਨੀ ਸਿੰਘ ਓ ਬੀ ਈ ਨੂੰ ਪੰਜਾਬੀ ਸੰਗੀਤ ਦੇ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ ਲਈ ਸਨਮਾਨ ਪੱਤਰਾਂ ਨਾਲ ਸਨਮਾਨਿਤ ਕੀਤ ਗਿਆ। ਚੰਨੀ ਸਿੰਘ ਜੀ ਬਾਰੇ ਪ੍ਰਸਿੱਧ ਪੇਸ਼ਕਾਰਾ ਰੂਪ ਦਵਿੰਦਰ ਨਾਹਿਲ ਵੱਲੋਂ ਬਹੁਤ ਹੀ ਸ਼ਾਨਦਾਰ ਲਫਜ਼ਾਂ ਵਿੱਚ ਉਹਨਾਂ ਦੀ ਸਖਸ਼ੀਅਤ ਨੂੰ ਹਾਜ਼ਰੀਨ ਸਾਹਮਣੇ ਪੇਸ਼ ਕੀਤਾ। ਸਾਹਿਤਕ ਖੇਤਰ ਵਿੱਚ ਅਮਿਟ ਪੈੜਾਂ ਪਾਉਣ ਵਾਲੀ ਸ਼ਾਇਰਾ ਡਾ: ਅਮਰ ਜਯੋਤੀ ਜੀ ਨੂੰ ਸਨਮਾਨ ਲਈ ਸੱਦਾ ਦੇਣ ਉਪਰੰਤ ਉੱਘੀ ਕਹਾਣੀਕਾਰਾ ਤੇ ਪੇਸ਼ਕਾਰਾ ਭਿੰਦਰ ਜਲਾਲਾਬਾਦੀ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਅਮਰ ਜਯੋਤੀ ਦੇ ਸਾਹਿਤਕ ਸਫ਼ਰ ਨੂੰ ਹਾਜ਼ਰੀਨ ਦੇ ਰੂਬਰੂ ਕੀਤਾ।

ਦੂਸਰੇ ਭਾਗ ਦੇ ਪ੍ਰਧਾਨਗੀ ਮੰਡਲ ਵਿੱਚ ਡਾ. ਸੁਨੀਲ ਸਜਲ, ਰੂਪ ਦਵਿੰਦਰ ਨਾਹਿਲ, ਤਲਵਿੰਦਰ ਢਿੱਲੋਂ, ਪੰਜਾਬੀ ਲੋਕ ਗਾਇਕਾ ਮਹਿੰਦਰ ਕੌਰ ਭੰਵਰਾ ਅਤੇ ਮਨਜੀਤ ਕੌਰ ਪੱਡਾ ਸ਼ਾਮਿਲ ਸਨ। ਕਵੀ ਦਰਬਾਰ ਵਿੱਚ ਭਾਗ ਲੈਣ ਵਾਲਿਆਂ ਵਿੱਚ ਅਮਨਦੀਪ ਸਿੰਘ (ਗਲਾਸਗੋ), ਕਿੱਟੀ ਬੱਲ, ਗੁਰਮੇਲ ਕੌਰ ਸੰਘਾ, ਰੂਪ ਦਵਿੰਦਰ ਨਾਹਿਲ, ਮਨਜੀਤ ਪੱਡਾ, ਭਿੰਦਰ ਜਲਾਲਾਬਾਦੀ, ਡਾ. ਅਮਰ ਜੋਯਤੀ, ਦੀਦਾਰ ਸਿੰਘ ਪ੍ਰਦੇਸੀ, ਰਾਜਿੰਦਰ ਕੌਰ, ਨਛੱਤਰ ਭੋਗਲ, ਨਰਿੰਦਰਪਾਲ ਕੌਰ, ਮਨਪ੍ਰੀਤ ਸਿੰਘ ਬੱਧਨੀਕਲਾਂ, ਮਹਿੰਦਰ ਕੌਰ ਮਿੱਢਾ, ਸ਼ਗੁਫਤਾ ਗਿੰਮੀ ਲੋਧੀ, ਬੀਰ ਵਰਿੰਦਰ ਬੁੱਟਰ, ਗੁਰਜੋਤ ਕੌਰ ਅਤੇ ਮਹਿੰਦਰ ਕੌਰ ਭੰਵਰਾ ਸ਼ਾਮਿਲ ਹੋਏ।

ਉੱਘੇ ਕਲਾਕਾਰ, ਲੇਖਕ ਅਤੇ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲਿਆਂ ਸਮੇਤ ਕੁਝ ਧਾਰਮਿਕ, ਰਾਜਨੀਤਕ ਅਤੇ ਲੋਕ ਭਲਾਈ ਦੇ ਕੰਮ ਕਰਨ ਵਾਲੀਆਂ ਉੱਘੀਆਂ ਸਖ਼ਸ਼ੀਅਤਾਂ ਨੇ ਵੀ ਸ਼ਾਮੂਲੀਅਤ ਕੀਤੀ। ਜਿਨ੍ਹਾਂ ਵਿੱਚ ਸਾਊਥਾਲ ਤੋਂ ਐਮ ਪੀ ਵੀਰੇਂਦਰ ਸ਼ਰਮਾ ਅਤੇ ਉਨ੍ਹਾਂ ਦੀ ਧਰਮ ਪਤਨੀ, ਈਲਿੰਗ ਕੌਂਸਲ ਤੋਂ ਮੇਅਰ ਸ੍ਰੀਮਤੀ ਮਹਿੰਦਰ ਕੌਰ ਮਿੱਢਾ, ਐਮ ਪੀ ਫੈਲਥਮ ਹੈਸਟਨ ਸੀਮਾ ਮਲਹੋਤਰਾ, ਰਘਵਿੰਦਰ ਸਿੰਘ ਸਿੱਧੂ (ਮੇਅਰ ਹੰਸਲੋ ਕੌਂਸਲ) ਅਤੇ ਓਂਕਾਰ ਸਹੋਤਾ (ਮੈਂਬਰ ਲੰਡਨ ਅਸੈਂਬਲੀ) ਖ਼ਾਸ ਤੌਰ 'ਤੇ ਪਹੁੰਚੇ। ਸਮਾਗਮ ਵਿੱਚ ਸ਼ਿਰਕਤ ਕਰਨ ਵਾਲਿਆਂ ਵਿੱਚ ਸਾਹਿਤਕਾਰ ਡਾ: ਤਾਰਾ ਸਿੰਘ ਆਲਮ, ਭੰਗੜਾ ਕਿੰਗ ਪੰਜਾਬੀ ਗਾਇਕ ਪ੍ਰੇਮੀ ਜੌਹਲ, ਗਾਇਕ ਰਾਜ ਸੇਖੋਂ, ਸੁਰਿੰਦਰ ਕੌਰ-ਚੇਅਰ ਪਰਸਨ ਵੋਇਸ ਆਫ਼ ਵਿਮੈਨ, ਯਸ਼ ਸਾਥੀ ਜੀ, ਅਸ਼ਵਿੰਦਰ ਸਿੰਘ ਦਿਓਲ ਅਤੇ ਪਰਿਵਾਰ, ਰਘਬੀਰ ਸਿੰਘ, ਭਜਨ ਧਾਲੀਵਾਲ, ਮਨਜੀਤ ਸਿੰਘ ਸ਼ਾਲਾਪੁਰੀ (ਆਪ ਆਗੂ ਯੂਕੇ) ਸਮੇਤ ਬਹੁਤ ਸਾਰੇ ਪਤਵੰਤੇ ਸੱਜਣ ਪਹੁੰਚੇ।

ਚਾਹ ਪਾਣੀ ਦੀ ਸੇਵਾ ਵਿੱਚ ਹੱਥ ਵਟਾਉਣ ਵਾਲਿਆਂ ਵਿੱਚ ਅਮਰਜੀਤ ਰੰਧਾਵਾ, ਕੁਲਵਿੰਦਰ ਕੌਰ ਬੱਚੂ, ਲਖਵਿੰਦਰ ਕੌਰ ਸਰਾਏ, ਨਰਿੰਦਰ ਕੌਰ ਖ਼ੋਸਾ, ਜਸਵੀਰ ਸਿੱਧੂ, ਪੰਮੀ ਚੀਮਾ, ਸੁਰਿੰਦਰ ਕੌਰ ਤੂਰ ਕੈਂਥ, ਸਤਨਾਮ ਕੌਰ ਢੀਂਡਸਾ, ਮਨਪ੍ਰੀਤ ਕੌਰ ਦਿਓਲ, ਦਲਜਿੰਦਰ ਬੁੱਟਰ, ਗੁਰਪ੍ਰਤਾਪ ਸਿੰਘ, ਭਿੰਦਰ ਆਦਿ ਨਾਂ ਖ਼ਾਸ ਹਨ। ਪਰਿਵਾਰਕ ਮੈਂਬਰਾਂ ਵਿੱਚ ਮਾਤਾ ਧਨਿੰਦਰ ਕੌਰ ਗਿੱਲ, ਸ਼ਿਵਜੋਤ ਸਿੰਘ ਗਿੱਲ, ਕਰਿਸਟਲ ਕੌਰ ਗਿੱਲ, ਜਪਿੰਦਰ ਕੌਰ ਢੇਸੀ ਅਤੇ ਪਰਮਜੀਤ ਕੌਰ ਢੇਸੀ ਵੀ ਹਾਜ਼ਰ ਸਨ। ਮੰਚ ਸੰਚਾਲਨ ਦਾ ਕਾਰਜ ਉੱਘੇ ਸ਼ਾਇਰ ਅਜ਼ੀਮ ਸ਼ੇਖਰ ਦੁਆਰਾ ਬਾਖੂਬੀ ਨਿਭਾਇਆ ਗਿਆ।



# ਪਾਕਿ 'ਚ ਮਰਦਮਸ਼ੁਮਾਰੀ ਟੀਮ 'ਤੇ ਅੱਤਵਾਦੀ ਹਮਲਾ, ਦੋ ਪੁਲਸ ਮੁਲਾਜ਼ਮਾਂ ਦੀ ਮੌਤ




ਲਾਹੌਰ, 14 ਮਾਰਚ (ਪੋਸਟ ਬਿਊਰੋ): ਪਾਕਿਸਤਾਨ 'ਚ ਅੱਤਵਾਦੀ ਹਮਲਿਆਂ ਦਾ ਸਿਲਸਿਲਾ ਰੁਕਣ ਦਾ ਨਾਂ ਨਹੀਂ ਲੈ ਰਿਹਾ ਹੈ। ਤਾਜ਼ਾ ਹਮਲਾ ਜਨਗਣਨਾ ਲਈ ਪਹੁੰਚੀ ਟੀਮ 'ਤੇ ਹੋਇਆ, ਜਿਸ 'ਚ ਦੋ ਪੁਲਿਸ ਮੁਲਾਜ਼ਮ ਮਾਰੇ ਗਏ। ਹਮਲੇ 'ਚ 5 ਪੁਲਸ ਕਰਮਚਾਰੀ ਵੀ ਜ਼ਖਮੀ ਹੋਏ ਹਨ। ਅੱਤਵਾਦੀਆਂ ਨੇ ਦੋ ਵੱਖ-ਵੱਖ ਜ਼ਿਲਿਆਂ 'ਚ ਕੰਮ ਕਰ ਰਹੀ ਜਨਗਣਨਾ ਟੀਮ ਨੂੰ ਨਿਸ਼ਾਨਾ ਬਣਾਇਆ ਹੈ। ਹਮਲੇ ਦੀ ਮਾਰ ਹੇਠ ਆਈਆਂ ਟੀਮਾਂ ਖੈਬਰ ਪਖਤੂਨਖਵਾ ਦੇ ਟਾਂਕ ਅਤੇ ਲੱਕੀ ਮਰਵਾਤ ਜ਼ਿਲ੍ਹਿਆਂ ਵਿੱਚ ਜਨਗਣਨਾ ਕਰ ਰਹੀਆਂ ਸਨ।

ਪਹਿਲਾ ਹਮਲਾ ਟਾਂਕ ਜ਼ਿਲ੍ਹੇ ਦੇ ਕੋਟ ਆਜ਼ਮ ਵਿੱਚ ਹੋਇਆ। ਇੱਥੇ ਅੱਤਵਾਦੀਆਂ ਨੇ ਜਨਗਣਨਾ ਕਰਮਚਾਰੀਆਂ ਦੀ ਸੁਰੱਖਿਆ ਲਈ ਤਾਇਨਾਤ ਪੁਲਿਸ ਵੈਨ ਨੂੰ ਨਿਸ਼ਾਨਾ ਬਣਾਇਆ ਅਤੇ ਅੰਨ੍ਹੇਵਾਹ ਗੋਲੀਬਾਰੀ ਕੀਤੀ। ਹਮਲੇ ਵਿੱਚ ਕਾਂਸਟੇਬਲ ਖਾਨ ਨਵਾਬ ਦੀ ਮੌਤ ਹੋ ਗਈ। ਇਸ ਤੋਂ ਇਲਾਵਾ ਪੁਲਿਸ ਕਾਂਸਟੇਬਲ ਸ਼ਾਹ ਨਵਾਜ਼, ਅਸਲਮ ਖ਼ਾਨ, ਲੇਵੀ ਅਫ਼ਸਰ ਬਿਸਮਿੱਲਾ, ਫਰੰਟੀਅਰ ਕਾਂਸਟੇਬਲਰੀ ਅਫ਼ਸਰ ਅਬਦੁੱਲਾ ਅਤੇ ਡਰਾਈਵਰ ਈਦ ਜਾਨ ਗੋਲੀਆਂ ਲੱਗਣ ਨਾਲ ਜ਼ਖ਼ਮੀ ਹੋ ਗਏ । ਪੁਲਿਸ ਨੇ ਵੀ ਅੱਤਵਾਦੀਆਂ 'ਤੇ ਜਵਾਬੀ ਕਾਰਵਾਈ ਕੀਤੀ, ਜਿਸ ਤੋਂ ਬਾਅਦ ਹਮਲਾਵਰ ਮੌਕੇ ਤੋਂ ਫ਼ਰਾਰ ਹੋ ਗਏ।

ਅੱਤਵਾਦੀ ਹਮਲੇ ਤੋਂ ਬਾਅਦ ਪੁਲਿਸ ਦੀ ਇੱਕ ਨਵੀਂ ਟੀਮ ਮੌਕੇ 'ਤੇ ਪਹੁੰਚੀ ਅਤੇ ਇਲਾਕੇ ਦੀ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮ ਚਲਾਈ। ਟੀਮ ਨੇ ਮੌਕੇ 'ਤੇ ਪਹੁੰਚ ਕੇ ਜ਼ਖਮੀਆਂ ਨੂੰ ਇਲਾਜ ਲਈ ਟਾਂਕ ਸਥਿਤ ਜ਼ਿਲਾ ਹੈੱਡਕੁਆਰਟਰ ਹਸਪਤਾਲ ਪਹੁੰਚਾਇਆ, ਜਿੱਥੇ ਫਿਲਹਾਲ ਉਨ੍ਹਾਂ ਦੀ ਹਾਲਤ ਸਥਿਰ ਹੈ।

ਦੂਜਾ ਹਮਲਾ ਸਦਰ ਥਾਣੇ ਦੇ ਨੇੜੇ ਲੱਕੀ ਮਰਵਤ ਦੇ ਪਰਵਾਲਾ ਪਿੰਡ ਵਿੱਚ ਹੋਇਆ। ਇੱਥੇ ਦੋ ਅੱਤਵਾਦੀਆਂ ਨੇ ਜਨਗਣਨਾ ਡਿਊਟੀ 'ਤੇ ਤਾਇਨਾਤ ਕਾਂਸਟੇਬਲ ਦਿਲ ਜਾਨ ਨੂੰ ਨਿਸ਼ਾਨਾ ਬਣਾਇਆ ਅਤੇ ਤੇਜ਼ੀ ਨਾਲ ਗੋਲੀਬਾਰੀ ਸ਼ੁਰੂ ਕਰ ਦਿੱਤੀ। ਗੋਲੀ ਲੱਗਣ ਕਾਰਨ ਦਿਲ ਜਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇੱਥੇ ਵੀ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਅੱਤਵਾਦੀ ਮੌਕੇ ਤੋਂ ਫਰਾਰ ਹੋ ਗਏ। ਹਮਲੇ ਤੋਂ ਕੁਝ ਦੇਰ ਬਾਅਦ ਹੀ ਪੁਲਿਸ ਨੇ ਪੂਰੇ ਇਲਾਕੇ ਵਿੱਚ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ।

# ਕਾਲੇ ਸਾਗਰ 'ਚ ਰੂਸੀ ਜਹਾਜ਼ ਨਾਲ ਟਕਰਾਇਆ ਅਮਰੀਕੀ ਡਰੋਨ, ਦੋਵੇਂ ਦੇਸ਼ਾਂ ਦੀ ਫੌਜ ਅਲਰਟ 'ਤੇ

ਮਾਸਕੋ, 14 ਮਾਰਚ (ਪੋਸਟ ਬਿਊਰੋ): ਯੂਕਰੇਨ ਯੁੱਧ ਨੂੰ ਲੈ ਕੇ ਰੂਸ ਅਤੇ ਅਮਰੀਕਾ ਵਿਚਾਲੇ ਚੱਲ ਰਹੇ ਤਣਾਅ ਨੂੰ ਲੈ ਕੇ ਇਕ ਵੱਡੀ ਖਬਰ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਕਾਲੇ ਸਾਗਰ 'ਚ ਰੂਸੀ ਜਹਾਜ਼ ਅਤੇ ਅਮਰੀਕੀ ਡਰੋਨ ਵਿਚਾਲੇ ਟੱਕਰ ਹੋ ਗਈ ਹੈ। ਇਹ ਜਾਣਕਾਰੀ ਅਮਰੀਕੀ ਫੌਜ ਨੇ ਦਿੱਤੀ ਹੈ। ਉਸੇ ਸਮੇਂ ਇੱਕ ਰੂਸੀ ਲੜਾਕੂ ਜਹਾਜ਼ ਨੇ ਅਮਰੀਕੀ ਹਵਾਈ ਸੈਨਾ ਦੇ ਡਰੋਨ ਨੂੰ ਹੇਠਾਂ ਉਤਰਨ ਲਈ ਮਜਬੂਰ ਕੀਤਾ। ਮੰਗਲਵਾਰ ਨੂੰ ਕਾਲੇ ਸਾਗਰ 'ਤੇ ਉਸ ਸਮੇਂ ਅਜੀਬ ਸਥਿਤੀ ਪੈਦਾ ਹੋ ਗਈ ਜਦੋਂ ਰੂਸੀ ਜੈੱਟ ਅਤੇ ਅਮਰੀਕੀ ਐਮਕਿਊ-9 ਰੀਪਰ ਡਰੋਨ ਆਹਮੋ-ਸਾਹਮਣੇ ਹੋ ਗਏ। ਰੂਸੀ ਜੈੱਟ ਨੇ ਅਮਰੀਕੀ ਡਰੋਨ ਦੇ ਪ੍ਰੋਪੈਲਰ ਨੂੰ ਨੁਕਸਾਨ ਪਹੁੰਚਾਇਆ।



ਇਹ ਘਟਨਾ ਉਸ ਸਮੇਂ ਵਾਪਰੀ ਜਦੋਂ ਅਮਰੀਕਾ ਦਾ ਰੀਪਰ ਡਰੋਨ ਅਤੇ ਰੂਸ ਦੇ ਦੋ ਲੜਾਕੂ ਜਹਾਜ਼ ਐਸਯੂ-27 ਕਾਲੇ ਸਾਗਰ ਦੇ ਉੱਪਰ ਅੰਤਰਰਾਸ਼ਟਰੀ ਪਾਣੀਆਂ ਵਿੱਚ ਚੱਕਰ ਲਗਾ ਰਹੇ ਸਨ। ਇਸ ਦੌਰਾਨ ਇੱਕ ਰੂਸੀ ਜੈੱਟ ਜਾਣਬੁੱਝ ਕੇ ਅਮਰੀਕੀ ਡਰੋਨ ਦੇ ਸਾਹਮਣੇ ਆ ਗਿਆ ਅਤੇ ਜੈੱਟ ਤੋਂ ਤੇਲ ਸੁੱਟਣਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਇੱਕ ਜੈੱਟ ਨੇ ਡਰੋਨ ਦੇ ਪ੍ਰੋਪੈਲਰ ਨੂੰ ਨੁਕਸਾਨ ਪਹੁੰਚਾਇਆ। ਇਹ ਪ੍ਰੋਪੈਲਰ ਡਰੋਨ ਦੇ ਪਿਛਲੇ ਹਿੱਸੇ ਨਾਲ ਜੁੜਿਆ ਹੋਇਆ ਸੀ। ਪ੍ਰੋਪੈਲਰ ਖਰਾਬ ਹੋਣ ਤੋਂ ਬਾਅਦ ਅਮਰੀਕੀ ਬਲਾਂ ਨੂੰ ਡਰੋਨ ਨੂੰ ਕਾਲੇ ਸਾਗਰ ਵਿੱਚ ਉਤਾਰਨਾ ਪਿਆ।

## ਅਜਿਹੇ ਮਨਚਲਿਆਂ ਤੋਂ ਸਾਵਧਾਨ: ਇਕ ਮਹਿਲਾ ਸਿਹਤ ਕਰਮੀ ਨਾਲ KISS ਕਰਕੇ ਨੌਜਵਾਨ ਹੋਇਆ ਫਰਾਰ



ਬਿਹਾਰ ਦੇ ਜਮੁਈ ਵਿੱਚ ਇੱਕ ਅਜਿਹੇ ਵਿਅਕਤੀ ਦੀ ਪੁਲਿਸ ਨੂੰ ਭਾਲ ਹੈ ਜਿਸ ਕਾਰਨ ਇਲਾਕੇ ਦੀਆਂ ਔਰਤਾਂ ਵਿੱਚ ਡਰ ਦਾ ਮਾਹੌਲ ਹੈ। ਇਹ ਸ਼ਖਸ ਔਰਤਾਂ ਨੂੰ ਇਕੱਲੇ ਵਿੱਚ ਵੇਖਕੇ ਕਿਸ ਕਰਕੇ ਫਰਾਰ ਹੋ ਜਾਂਦਾ ਹੈ। ਦਰਅਸ , ਜਮੁਈ ਦੇ ਹਸਪਤਾਲ ਵਿਚ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਸ਼ੁੱਕਰਵਾਰ ਨੂੰ ਸਦਰ ਹਸਪਤਾਲ ਪਰਿਸਰ ਵਿੱਚ ਇੱਕ ਮਹਿਲਾ ਸਿਹਤਕਰਮੀ ਕਿਸੇ ਨਾਲ ਫੋਨ ਉੱਤੇ ਗੱਲਾਂ ਕਰ ਰਹੀ ਸੀ, ਇਸ ਦੌਰਾਨ ਹਸਪਤਾਲ ਦੀ ਬਾਉਂਡਰੀ ਤੋਂ ਛਲਾਂਗ ਲਗਾਕੇ ਅੰਦਰ ਆਏ ਇੱਕ ਜਵਾਨ ਨੇ ਮਹਿਲਾ ਸਿਹਤਕਰਮੀ ਨਾਲ ਅਸ਼ਲੀਲ ਹਰਕੱਤ ਕੀਤੀ ਅਤੇ ਧੱਕਾ ਦੇਕੇ ਫਰਾਰ ਹੋ ਗਿਆ। ਹਾਲਾਂਕਿ ਇਸ ਬਦਮਾਸ਼ ਨੌਜਵਾਨ ਦੀ ਸ਼ਰਮਨਾਕ ਹਰਕੱਤ ਸੀਸੀਟੀਵੀ ਵਿੱਚ ਕੈਦ ਹੋ ਗਈ ਹੈ ।

# ਸਾਬਕਾ ਪਾਕਿਸਤਾਨੀ ਡਿਪਲੋਮੈਟ ਸ਼ਾਹਬਾਜ਼ ਸਰਕਾਰ 'ਤੇ ਵਰ੍ਹਿਆ, ਕਿਹਾ 'ਅਸੀਂ ਭਿਖਾਰੀ ਬਣ ਗਏ ਹਾਂ'

ਇਸਲਾਮਾਬਾਦ, 14 ਮਾਰਚ (ਪੋਸਟ ਬਿਊਰੋ): ਪਾਕਿਸਤਾਨ ਦੇ ਵਿਦੇਸ਼ ਮੰਤਰੀ ਬਿਲਾਵਲ ਭੁੱਟੋ ਸੰਯੁਕਤ ਰਾਸ਼ਟਰ ਵਿੱਚ 'ਇਸਲਾਮ ਵਿੱਚ ਔਰਤਾਂ' ਬਾਰੇ ਇੱਕ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਅਮਰੀਕਾ ਗਏ ਸਨ। ਉੱਥੇ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਉਨ੍ਹਾਂ ਨੇ ਭਾਰਤ ਲਈ ਦੋਸਤ ਸ਼ਬਦ ਦੀ ਵਰਤੋਂ ਕੀਤੀ ਸੀ ਪਰ ਤੁਰੰਤ ਹੀ ਆਪਣੇ ਸ਼ਬਦਾਂ ਨੂੰ ਬਦਲਦੇ ਹੋਏ ਉਨ੍ਹਾਂ ਨੇ ਭਾਰਤ ਲਈ ਗੁਆਂਢੀ ਸ਼ਬਦ ਦੀ ਵਰਤੋਂ ਕੀਤੀ।

ਵਿਦੇਸ਼ ਮੰਤਰੀ ਬਣਨ ਤੋਂ ਬਾਅਦ ਇਹ ਚੌਥੀ ਵਾਰ ਹੈ ਜਦੋਂ ਬਿਲਾਵਲ ਭੁੱਟੋ ਅਮਰੀਕਾ ਗਏ ਹਨ। ਪਾਕਿਸਤਾਨ ਦੇ ਸਾਬਕਾ ਡਿਪਲੋਮੈਟ ਅਬਦੁਲ ਬਾਸਿਤ ਨੇ ਬਿਲਾਵਲ ਅਤੇ ਸ਼ਾਹਬਾਜ਼ ਸਰਕਾਰ ਦੇ ਇਸ ਕੂਟਨੀਤਕ ਕਦਮ ਦੀ ਸਖ਼ਤ ਆਲੋਚਨਾ ਕੀਤੀ ਹੈ।



ਸ਼ਾਹਬਾਜ਼ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਬਾਸਿਤ ਨੇ ਕਿਹਾ ਕਿ ਪਤਾ ਨਹੀਂ ਸਾਡੇ ਵਿਦੇਸ਼ ਮੰਤਰੀ ਨੂੰ ਅਮਰੀਕਾ ਨਾਲ ਇੰਨਾ ਪਿਆਰ ਕਿਉਂ ਹੈ ਕਿ ਜਦੋਂ ਤੋਂ ਉਹ ਵਿਦੇਸ਼ ਮੰਤਰੀ ਬਣੇ ਹਨ, ਚੌਥੀ ਵਾਰ ਅਮਰੀਕਾ ਗਏ ਹਨ। ਮੈਂ ਨਹੀਂ ਦੇਖ ਸਕਦਾ ਕਿ ਇਸ ਦਾ ਮਕਸਦ ਕੀ ਸੀ?

ਪਾਕਿਸਤਾਨ ਦੇ ਸਾਬਕਾ ਡਿਪਲੋਮੈਟ ਨੇ ਕਿਹਾ ਕਿ ਮੰਨ ਲਉ ਕਿ ਬਿਲਾਵਲ ਭੁੱਟੋ ਨੇ ਜ਼ੁਬਾਨ ਫਿਸਲਣ ਕਾਰਨ ਭਾਰਤ ਨੂੰ ਦੋਸਤ ਕਿਹਾ ਸੀ। ਕਈ ਵਾਰ ਇਹ ਗਲਤੀ ਹੋ ਜਾਂਦੀ ਹੈ। ਪਰ ਅਹਿਮ ਸਵਾਲ ਇਹ ਹੈ ਕਿ ਸਾਡੇ ਵਿਦੇਸ਼ ਮੰਤਰੀ ਅਮਰੀਕਾ ਕਿਉਂ ਗਏ? ਵਿਦੇਸ਼ ਮੰਤਰੀ ਦੇ ਇਨ੍ਹਾਂ ਚਾਰ ਦੌਰਿਆਂ ਤੋਂ ਪਾਕਿਸਤਾਨ ਨੂੰ ਕੀ ਮਿਲਿਆ? ਜੇਕਰ ਪਿਛਲੇ ਇੱਕ ਸਾਲ ਵਿੱਚ ਸਾਡੀ ਕੂਟਨੀਤੀ ਇੰਨੀ ਮਜ਼ਬੂਤ ਸੀ ਤਾਂ ਇਹ ਨਜ਼ਰ ਆਉਣੀ ਚਾਹੀਦੀ ਸੀ। ਆਈਐਮਐਫ ਅਤੇ ਪਾਕਿਸਤਾਨ ਵਿਚਾਲੇ ਸਟਾਫ ਪੱਧਰ ਦਾ ਸਮਝੌਤਾ ਨਹੀਂ ਹੋ ਰਿਹਾ ਹੈ। 1.1 ਬਿਲੀਅਨ ਜਾਂ 1.2 ਬਿਲੀਅਨ ਡਾਲਰ ਲਈ, ਅਸੀਂ ਭਿਖਾਰੀ ਬਣ ਗਏ ਹਾਂ।

ਅਮਰੀਕਾ ਨਾਲ ਸਾਡਾ ਕੀ ਰਿਸ਼ਤਾ ਹੈ? ਅੱਤਵਾਦ ਅਤੇ ਅਫਗਾਨਿਸਤਾਨ ਤੋਂ ਇਲਾਵਾ ਸਾਨੂੰ ਅਜਿਹਾ ਕੁਝ ਵੀ ਨਜ਼ਰ ਨਹੀਂ ਆਉਂਦਾ ਕਿ ਅਮਰੀਕਾ ਸੱਚਮੁੱਚ ਸਾਡੀ ਮਦਦ ਕਰ ਰਿਹਾ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਜੇਕਰ ਅਜਿਹੇ ਸਮਾਗਮਾਂ ਵਿੱਚ ਸ਼ਿਰਕਤ ਕਰਨੀ ਹੁੰਦੀ ਤਾਂ ਰਾਜ ਮੰਤਰੀ ਹਿਨਾ ਰੱਬਾਨੀ ਖਾਰ ਜਾਂ ਕਿਸੇ ਹੋਰ ਹੇਠਲੇ ਦਰਜੇ ਦੇ ਮੰਤਰੀ ਨੂੰ ਭੇਜਣਾ ਬਿਹਤਰ ਹੁੰਦਾ।

# ਜ਼ੀਰਾ ਸ਼ਰਾਬ ਫੈਕਟਰੀ ਨੂੰ ਮਿਲੀ ਰਾਹਤ: ਹਾਈਕੋਰਟ ਨੇ ਇਥਨੋਲ ਨੂੰ ਫੈਕਟਰੀ ਤੋਂ ਬਾਹਰ ਕੱਢਣ ਦੀ ਦਿੱਤੀ ਇਜਾਜ਼ਤ

ਚੰਡੀਗੜ੍ਹ, 14 ਮਾਰਚ (ਪੋਸਟ ਬਿਊਰੋ): ਜ਼ੀਰਾ ਸ਼ਰਾਬ ਫੈਕਟਰੀ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੋਂ ਵੱਡੀ ਰਾਹਤ ਮਿਲੀ ਹੈ। ਹਾਈਕੋਰਟ ਨੇ ਫੈਕਟਰੀ ਵਿੱਚ ਰੱਖੇ ਇਥਨੋਲ ਨੂੰ ਫੈਕਟਰੀ ਤੋਂ ਬਾਹਰ ਕੱਢਣ ਦੀ ਇਜਾਜ਼ਤ ਦੇ ਦਿੱਤੀ ਹੈ।ਅਦਾਲਤ ਨੇ ਪੰਜਾਬ ਸਰਕਾਰ ਨੂੰ ਇਥਨੋਲ ਕੱਢਣ ਵੇਲੇ ਪੂਰੀ ਸੁਰੱਖਿਆ ਦੇਣ ਦੇ ਹੁਕਮ ਵੀ ਦਿੱਤੇ ਹਨ। ਹਾਈਕੋਰਟ ਨੇ ਫੈਕਟਰੀ ਨੂੰ ਇਹ ਕੰਮ ਪੂਰਾ ਕਰਨ ਲਈ ਇੱਕ ਹਫ਼ਤੇ ਦਾ ਸਮਾਂ ਦਿੱਤਾ ਹੈ। ਸ਼ਰਾਬ ਫ਼ੈਕਟਰੀ ਮਾਲਕਾਂ ਵਲੋਂ ਹੀ ਹਾਈਕੋਰਟ ਵਿੱਚ ਅਰਜ਼ੀ ਦਾਇਰ ਕਰਕੇ ਕਿਹਾ ਸੀ ਕਿ ਫੈਕਟਰੀ ਵਿੱਚ ਵੱਡੀ ਮਾਤਰਾ ਵਿੱਚ ਇਥਨੋਲ ਰੱਖਿਆ ਜਾਂਦਾ ਹੈ, ਜੋ ਕਿ ਬੇਹੱਦ ਘਾਤਕ ਸਾਬਤ ਹੋ ਸਕਦਾ ਹੈ। ਉਨ੍ਹਾਂ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਨੂੰ ਇਸ ਈਥਾਨੌਲ ਨੂੰ ਬਾਹਰ ਕੱਢਣ ਦੀ ਅਪੀਲ ਕੀਤੀ ਹੈ।

ਇਹ ਵੀ ਦੱਸ ਦੇਈਏ ਕਿ ਪਿਛਲੀ ਸੁਣਵਾਈ 'ਤੇ ਸਰਕਾਰ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਇਸ 'ਤੇ ਕੋਈ ਇਤਰਾਜ਼ ਨਹੀਂ ਹੈ ਪਰ ਫੈਕਟਰੀ ਦੇ ਐਕਸਾਈਜ਼ ਲਾਇਸੈਂਸ ਦੀ ਮਿਆਦ ਖ਼ਤਮ ਹੋ ਚੁੱਕੀ ਹੈ, ਇਸ ਲਈ ਮਾਲ ਨੂੰ ਬਾਹਰ ਜਾਣ ਦੀ ਇਜਾਜ਼ਤ ਕਿਵੇਂ ਦਿੱਤੀ ਜਾ ਸਕਦੀ ਹੈ। ਪਰ ਅੱਜ ਹਾਈਕੋਰਟ ਨੇ ਫੈਕਟਰੀ ਨੂੰ ਫੈਕਟਰੀ ਵਿੱਚ ਰੱਖਿਆ ਇਥਨੋਲ ਬਾਹਰ ਕੱਢਣ ਦੀ ਇਜਾਜ਼ਤ ਦੇ ਦਿੱਤੀ ਹੈ।

# ਦਿੱਲੀ ਦੰਗਿਆਂ 'ਚ 9 ਮੁਲਜ਼ਮ ਦੋਸ਼ੀ ਕਰਾਰ, ਅਦਾਲਤ ਨੇ ਕਿਹਾ: ਮਕਸਦ ਸੀ ਭਾਈਚਾਰੇ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣਾ

ਨਵੀਂ ਦਿੱਲੀ, 14 ਮਾਰਚ (ਪੋਸਟ ਬਿਊਰੋ): ਦਿੱਲੀ ਦੰਗਿਆਂ 'ਚ ਕੜਕੜਡੂਮਾ ਅਦਾਲਤ ਨੇ ਵੱਡਾ ਫੈਸਲਾ ਸੁਣਾਉਂਦੇ ਹੋਏ 9 ਮੁਲਜ਼ਮਾਂ ਨੂੰ ਦੋਸ਼ੀ ਕਰਾਰ ਦਿੱਤਾ ਹੈ। ਇੱਥੋਂ ਤੱਕ ਕਿਹਾ ਗਿਆ ਹੈ ਕਿ ਹਿੰਦੂ ਭਾਈਚਾਰੇ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਦੇ ਉਦੇਸ਼ ਨਾਲ ਹੰਗਾਮਾ ਕੀਤਾ ਗਿਆ ਸੀ। ਅਦਾਲਤ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਹੈ ਕਿ ਪੁਲੀਸ ਵੱਲੋਂ ਮੁਲਜ਼ਮਾਂ 'ਤੇ ਲਾਏ ਗਏ ਦੋਸ਼ ਪੂਰੀ ਤਰ੍ਹਾਂ ਸਾਬਤ ਹੁੰਦੇ ਹਨ। ਇਸ ਮਾਮਲੇ 'ਚ 29 ਮਾਰਚ ਨੂੰ ਸਜ਼ਾ ਦਾ ਐਲਾਨ ਕੀਤਾ ਜਾਵੇਗਾ।




ਅਦਾਲਤ ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਦੋਸ਼ੀ ਇੱਕ ਝੁੰਡ ਦਾ ਹਿੱਸਾ ਬਣ ਗਏ, ਉਸ ਝੁੰਡ ਦਾ ਜੋ ਪਹਿਲਾਂ ਹੀ ਫਿਰਕੂ ਭਾਵਨਾਵਾਂ ਨਾਲ ਭਰਿਆ ਹੋਇਆ ਸੀ, ਦਾ ਇੱਕ ਹੀ ਉਦੇਸ਼ ਸੀ, ਹਿੰਦੂ ਭਾਈਚਾਰੇ ਦੀ ਜਾਇਦਾਦ ਨੂੰ ਵੱਧ ਤੋਂ ਵੱਧ ਨੁਕਸਾਨ ਪਹੁੰਚਾਉਣਾ। ਪੁਲਿਸ ਵੱਲੋਂ ਵਾਰ-ਵਾਰ ਪਿੱਛੇ ਹਟਣ ਦੀ ਅਪੀਲ ਕੀਤੀ ਗਈ ਪਰ ਝੁੰਡ ਨੇ ਆਪਣਾ ਹੰਗਾਮਾ ਜਾਰੀ ਰੱਖਿਆ। ਹੁਣ ਜਾਣਕਾਰੀ ਲਈ ਦੱਸ ਦੇਈਏ ਕਿ ਅਦਾਲਤ ਨੇ ਇਹ ਟਿੱਪਣੀ ਇਕ ਪਟੀਸ਼ਨਰ ਦੀ ਸ਼ਿਕਾਇਤ 'ਤੇ ਕੀਤੀ ਹੈ।

ਦਰਅਸਲ ਰੇਖਾ ਸ਼ਰਮਾ ਨਾਂ ਦੀ ਔਰਤ ਨੇ ਦੋਸ਼ ਲਗਾਇਆ ਸੀ ਕਿ ਤਿੰਨ ਸਾਲ ਪਹਿਲਾਂ 24-25 ਫਰਵਰੀ ਨੂੰ ਭੀੜ ਨੇ ਉਨ੍ਹਾਂ ਦੇ ਘਰ 'ਤੇ ਹਮਲਾ ਕੀਤਾ ਸੀ। ਸਾਮਾਨ ਲੁੱਟਿਆ ਗਿਆ ਅਤੇ ਉਪਰਲੀ ਮੰਜ਼ਿਲ ਦੇ ਕਮਰਿਆਂ ਨੂੰ ਅੱਗ ਲਗਾ ਦਿੱਤੀ ਗਈ। ਜਿਸ ਕਾਰਨ ਘਰ ਦਾ ਕਾਫੀ ਨੁਕਸਾਨ ਹੋ ਗਿਆ। ਹੁਣ ਅਦਾਲਤ ਨੇ ਪਟੀਸ਼ਨਕਰਤਾ ਦੇ ਦਾਅਵਿਆਂ ਨੂੰ ਸਵੀਕਾਰ ਕਰ ਲਿਆ ਹੈ ਅਤੇ 9 ਮੁਲਜ਼ਮਾਂ ਨੂੰ ਦੋਸ਼ੀ ਪਾਇਆ ਹੈ। ਮੁਲਜ਼ਮਾਂ ਦੇ ਨਾਂ ਮੁਹੰਮਦ ਸ਼ਾਹਨਵਾਜ਼, ਮੁਹੰਮਦ ਸ਼ੋਏਬ, ਸ਼ਾਹਰੁਖ, ਰਾਸ਼ਿਦ, ਆਜ਼ਾਦ, ਅਸ਼ਰਫ ਅਲੀ, ਪਰਵੇਜ਼, ਫੈਜ਼ਲ ਅਤੇ ਰਾਸ਼ਿਦ ਹਨ।

# ਦੁਨੀਆਂ ਦੇ ਸਭ ਤੋਂ ਵੱਧ 50 ਪ੍ਰਦੂਸ਼ਿਤ ਸ਼ਹਿਰਾਂ ਵਿੱਚੋਂ 39 ਭਾਰਤ ਦੇ

ਨਵੀਂ ਦਿੱਲੀ, 14 ਮਾਰਚ (ਪੋਸਟ ਬਿਊਰੋ): ਸਾਲ 2022 'ਚ ਭਾਰਤ ਦੁਨੀਆ ਦਾ ਅੱਠਵਾਂ ਸਭ ਤੋਂ ਵੱਧ ਪ੍ਰਦੂਸ਼ਿਤ ਦੇਸ਼ ਸੀ, ਜਦਕਿ ਪਿਛਲੇ ਸਾਲ ਸਾਡਾ ਦੇਸ਼ ਪੰਜਵੇਂ ਸਥਾਨ 'ਤੇ ਸੀ। ਹਾਲਾਂਕਿ ਭਾਰਤ ਵਿੱਚ ਪੀਐਮ 2.5 ਦਾ ਪੱਧਰ ਘਟ ਕੇ 53.3 ਮਾਈਕ੍ਰੋਗ੍ਰਾਮ ਪ੍ਰਤੀ ਘਣ ਮੀਟਰ ਰਹਿ ਗਿਆ ਹੈ, ਇਹ ਅਜੇ ਵੀ ਵਿਸ਼ਵ ਸਿਹਤ ਸੰਗਠਨ ਦੀ ਸੁਰੱਖਿਅਤ ਸੀਮਾ ਤੋਂ 10 ਗੁਣਾ ਵੱਧ ਹੈ। ਸਵਿਟਜ਼ਰਲੈਂਡ ਦੀ ਫਰਮ ਆਈਕਿਊਏਅਰ ਨੇ ਮੰਗਲਵਾਰ ਨੂੰ ਜਾਰੀ ਆਪਣੀ 'ਵਰਲਡ ਏਅਰ ਕੁਆਲਿਟੀ ਰਿਪੋਰਟ' 'ਚ ਇਹ ਦਰਜਾਬੰਦੀ ਦਿੱਤੀ ਹੈ ਅਤੇ ਰੈਂਕਿੰਗ ਦਾ ਆਧਾਰ ਪੀਐਮ 2.5 ਦੇ ਪੱਧਰ 'ਤੇ ਬਣਾਇਆ ਗਿਆ ਹੈ, ਜਿਸ ਨੂੰ ਵਿਗਿਆਨੀ ਅਤੇ ਸਿਹਤ ਮਾਹਿਰ ਮੁੱਖ ਪ੍ਰਦੂਸ਼ਕ ਮੰਨਦੇ ਹਨ। ਸਰਕਾਰੀ ਅਤੇ ਗੈਰ-ਸਰਕਾਰੀ ਮਾਨੀਟਰਾਂ ਸਮੇਤ 30,000 ਤੋਂ ਵੱਧ ਜ਼ਮੀਨੀ-ਅਧਾਰਿਤ ਮਾਨੀਟਰਾਂ ਤੋਂ ਇੱਕਤਰ ਕੀਤੇ ਗਏ 131 ਦੇਸ਼ਾਂ ਤੋਂ ਡਾਟਾ ਲਿਆ ਗਿਆ ਸੀ।



ਚੋਟੀ ਦੇ ਪ੍ਰਦੂਸ਼ਿਤ ਸ਼ਹਿਰਾਂ ਦੀ ਸੂਚੀ ਵਿਚ ਭਾਰਤੀ ਸ਼ਹਿਰ ਬਹੁਤ ਜ਼ਿਆਦਾ ਦਿਖਾਈ ਦੇ ਰਹੇ ਹਨ। ਇਸ ਵਾਰ ਸੂਚੀ ਵਿਚ ਸਭ ਤੋਂ ਵੱਧ 7,300 ਤੋਂ ਵੱਧ ਸ਼ਹਿਰਾਂ ਦਾ ਨਾਂ ਦਰਜ ਕੀਤਾ ਗਿਆ ਹੈ, ਜਦੋਂ ਕਿ ਪਿਛਲੀ ਵਾਰ 2017 ਵਿੱਚ 2,200 ਤੋਂ ਘੱਟ ਸ਼ਹਿਰਾਂ ਦੀ ਸੂਚੀ ਬਣਾਈ ਗਈ ਸੀ। ਰਿਪੋਰਟ ਮੁਤਾਬਕ ਭਾਰਤ ਵਿੱਚ ਹਵਾ ਪ੍ਰਦੂਸ਼ਣ ਦੀ ਆਰਥਿਕ ਲਾਗਤ 150 ਬਿਲੀਅਨ ਅਮਰੀਕੀ ਡਾਲਰ ਹੈ। ਭਾਰਤ ਵਿੱਚ ਪੀਐਮ 2.5 ਦੇ ਕੁੱਲ ਪ੍ਰਦੂਸ਼ਣ ਦਾ 20-35 ਪ੍ਰਤੀਸ਼ਤ ਆਵਾਜਾਈ ਖੇਤਰ ਪੈਦਾ ਕਰਦਾ ਹੈ। ਇਸ ਤੋਂ ਇਲਾਵਾ ਪ੍ਰਦੂਸ਼ਣ ਦੇ ਹੋਰ ਸਰੋਤਾਂ ਵਿੱਚ ਉਦਯੋਗਿਕ ਇਕਾਈਆਂ, ਕੋਲੇ ਨਾਲ ਚੱਲਣ ਵਾਲੇ ਪਾਵਰ ਪਲਾਂਟ ਅਤੇ ਬਾਇਓਮਾਸ ਬਰਨਿੰਗ ਸ਼ਾਮਲ ਹਨ।

ਪਾਕਿਸਤਾਨ ਦਾ ਲਾਹੌਰ ਅਤੇ ਚੀਨ ਦਾ ਹੋਟਨ ਦੁਨੀਆ ਦੇ ਸਭ ਤੋਂ ਪ੍ਰਦੂਸ਼ਿਤ ਸ਼ਹਿਰ ਹਨ, ਇਸ ਤੋਂ ਬਾਅਦ ਰਾਜਸਥਾਨ ਦਾ ਭਿਵੜੀ ਅਤੇ ਦਿੱਲੀ ਤੀਜੇ ਅਤੇ ਚੌਥੇ ਸਥਾਨ 'ਤੇ ਹਨ। ਦਿੱਲੀ ਵਿੱਚ ਪੀਐਮ 2.5 ਦਾ ਪੱਧਰ 92.6 ਮਾਈਕ੍ਰੋਗ੍ਰਾਮ ਹੈ, ਜੋ ਸੁਰੱਖਿਅਤ ਸੀਮਾ ਤੋਂ ਲਗਭਗ 20 ਗੁਣਾ ਵੱਧ ਹੈ। ਭਾਰਤ ਵਿਚ ਪ੍ਰਦੂਸ਼ਣ ਦੇ ਮਾਮਲੇ ਵਿਚ ਦੁਨੀਆ ਦੇ ਚੋਟੀ ਦੇ 10 ਸ਼ਹਿਰਾਂ ਵਿੱਚੋਂ 6 ਹਨ। ਚੋਟੀ ਦੇ 20 ਵਿੱਚੋਂ 14, ਚੋਟੀ ਦੇ 50 ਭਾਰਤੀ ਸ਼ਹਿਰਾਂ ਵਿੱਚੋਂ 39, ਅਤੇ ਚੋਟੀ ਦੇ 100 ਪ੍ਰਦੂਸ਼ਿਤ ਸ਼ਹਿਰਾਂ ਵਿੱਚੋਂ 10 ਹਨ। ਇਸ ਤਰ੍ਹਾਂ 65 ਸ਼ਹਿਰ ਭਾਰਤ ਦੇ ਹਨ। ਪਿਛਲੇ ਸਾਲ ਇਸ ਸੂਚੀ ਵਿੱਚ ਭਾਰਤ ਦੇ 61 ਸ਼ਹਿਰ ਸਨ। ਨਵੇਂ ਵਰਗੀਕਰਨ ਤੋਂ ਬਾਅਦ, ਦਿੱਲੀ ਅਤੇ ਨਵੀਂ ਦਿੱਲੀ ਦੋਵੇਂ ਹੁਣ ਚੋਟੀ ਦੇ 10 ਪ੍ਰਦੂਸ਼ਿਤ ਸ਼ਹਿਰਾਂ ਵਿੱਚ ਸ਼ਾਮਲ ਹੋ ਗਏ ਹਨ।

## ਆਈਆਈਟੀ ਮਦਰਾਸ 'ਚ ਵਿਦਿਆਰਥੀ ਨੇ ਕੀਤੀ ਖੁਦਕੁਸ਼ੀ, ਇਕ ਮਹੀਨੇ 'ਚ ਅਜਿਹੀ ਦੂਜੀ ਘਟਨਾ

ਚੇਨਈ, 14 ਮਾਰਚ (ਪੋਸਟ ਬਿਊਰੋ): ਆਈਆਈਟੀ ਮਦਰਾਸ ਦੇ ਬੀਟੈਕ ਤੀਜੇ ਸਾਲ ਦੇ ਵਿਦਿਆਰਥੀ ਨੇ ਮੰਗਲਵਾਰ ਨੂੰ ਖੁਦਕੁਸ਼ੀ ਕਰ ਲਈ। ਪੁਲਿਸ ਨੇ ਦੱਸਿਆ ਕਿ ਆਂਧਰਾ ਪ੍ਰਦੇਸ਼ ਦੇ ਰਹਿਣ ਵਾਲੇ ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਦੇ 20 ਸਾਲਾ ਵਿਦਿਆਰਥੀ ਨੂੰ ਉਸਦੇ ਹੋਸਟਲ ਦੇ ਕਮਰੇ ਵਿੱਚ ਉਸਦੇ ਸਾਥੀਆਂ ਨੇ ਲਟਕਦਾ ਪਾਇਆ। ਮਾਮਲੇ ਦੀ ਜਾਂਚ ਕਰ ਰਹੇ ਇੱਕ ਪੁਲਿਸ ਅਧਿਕਾਰੀ ਨੇ ਕਿਹਾ ਕਿ ਮੁਢਲੀ ਜਾਂਚ ਤੋਂ ਪਤਾ ਚੱਲਿਆ ਹੈ ਕਿ ਵਿਦਿਆਰਥੀ ਨੇ ਖੁਦਕੁਸ਼ੀ ਇਸ ਲਈ ਕੀਤੀ ਕਿਉਂਕਿ ਉਸਨੂੰ "ਪੜ੍ਹਾਈ 'ਤੇ ਧਿਆਨ ਦੇਣ ਅਤੇ ਆਪਣਾ ਅਕਾਦਮਿਕ ਕੰਮ ਪੂਰਾ ਕਰਨ ਵਿੱਚ ਮੁਸ਼ਕਲ ਆ ਰਹੀ ਸੀ"। ਪੁਲਸ ਨੇ ਕਿਹਾ ਕਿ ਜਾਂਚ ਅਤੇ ਪੋਸਟਮਾਰਟਮ ਤੋਂ ਬਾਅਦ ਹੀ ਕੁਝ ਕਿਹਾ ਜਾ ਸਕਦਾ ਹੈ।

ਮਹੱਤਵਪੂਰਨ ਗੱਲ ਇਹ ਹੈ ਕਿ ਇਹ ਘਟਨਾ 14 ਫਰਵਰੀ ਨੂੰ ਆਈਆਈਟੀ ਮਦਰਾਸ ਵਿਚ ਇੰਜੀਨੀਅਰਿੰਗ ਦੇ ਇਕ ਪੋਸਟ ਗ੍ਰੈਜੂਏਟ ਵਿਦਿਆਰਥੀ ਵੱਲੋਂ ਖੁਦਕੁਸ਼ੀ ਕਰਨ ਦੇ ਇੱਕ ਮਹੀਨੇ ਬਾਅਦ ਵਾਪਰੀ ਹੈ। ਪਿਛਲੇ ਮਹੀਨੇ ਵੀ ਹੋਸਟਲ ਵਿੱਚ ਇੱਕ ਵਿਦਿਆਰਥੀ ਦੀ ਲਾਸ਼ ਮਿਲੀ ਸੀ। ਆਈਆਈਟੀ-ਮਦਰਾਸ ਦੁਆਰਾ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਕੋਵਿਡ ਤੋਂ ਬਾਅਦ ਦਾ ਵਾਤਾਵਰਣ ਚੁਣੌਤੀਪੂਰਨ ਰਿਹਾ ਹੈ ਅਤੇ ਇਸ ਨੇ ਵੱਖ-ਵੱਖ ਸਹਾਇਤਾ ਪ੍ਰਣਾਲੀਆਂ ਦਾ ਨਿਰੰਤਰ ਮੁਲਾਂਕਣ ਕਰਕੇ ਕੈਂਪਸ ਵਿੱਚ ਵਿਦਿਆਰਥੀਆਂ/ਵਿਦਵਾਨਾਂ, ਫੈਕਲਟੀ ਅਤੇ ਸਟਾਫ ਦੀ ਭਲਾਈ ਨੂੰ ਸੁਧਾਰਨ ਅਤੇ ਬਣਾਈ ਰੱਖਣ ਦੀ ਕੋਸ਼ਿਸ਼ ਕੀਤੀ ਹੈ। ਪਰ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਦੇ ਬੀਟੈਕ ਤੀਜੇ ਸਾਲ ਦੇ ਵਿਦਿਆਰਥੀ ਨੇ ਖੁਦਕੁਸ਼ੀ ਕਰ ਲਈ ਹੈ। ਕਾਲਜ ਦੀ ਵਲੋਂ ਕਿਹਾ ਗਿਆ ਹੈ ਕਿ ਹਾਲ ਹੀ ਵਿੱਚ ਗਠਿਤ ਕੀਤੀ ਗਈ ਇੱਕ ਸਥਾਈ ਅੰਦਰੂਨੀ ਜਾਂਚ ਕਮੇਟੀ, ਜਿਸ ਵਿੱਚ ਚੁਣੇ ਗਏ ਵਿਦਿਆਰਥੀ ਪ੍ਰਤੀਨਿਧ ਸ਼ਾਮਲ ਹਨ, ਇਸ ਘਟਨਾ ਦੀ ਜਾਂਚ ਕਰੇਗੀ। ਬਿਆਨ ਵਿੱਚ ਕਿਹਾ ਗਿਆ ਹੈ ਕਿ ਵਿਦਿਆਰਥੀ ਦੇ ਮਾਪਿਆਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਅਸੀਂ ਸਾਰਿਆਂ ਨੂੰ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਸ ਮੰਦਭਾਗੀ ਘੜੀ ਵਿੱਚ ਪਰਿਵਾਰ ਦੀ ਨਿੱਜਤਾ ਦਾ ਸਨਮਾਨ ਕੀਤਾ ਜਾਵੇ।

## ਖੇਤ 'ਚ ਕੰਮ ਕਰਦੇ ਵਿਅਕਤੀ 'ਤੇ ਮਧੂ ਮੱਖੀਆਂ ਦਾ ਹਮਲਾ, ਹੋਈ ਮੌਤ

ਪਲਵਲ, 14 ਮਾਰਚ (ਪੋਸਟ ਬਿਊਰੋ): ਹਰਿਆਣਾ ਦੇ ਪਲਵਲ 'ਚ ਇਕ ਵਿਅਕਤੀ 'ਤੇ ਮਧੂ ਮੱਖੀਆਂ ਦੇ ਝੁੰਡ ਨੇ ਹਮਲਾ ਕਰ ਦਿੱਤਾ, ਜਿਸ 'ਚ ਉਸ ਦੀ ਮੌਤ ਹੋ ਗਈ। ਨੌਜਵਾਨ ਦੀ ਉਮਰ 32 ਸਾਲ ਸੀ। ਪੁਲੀਸ ਨੇ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ। ਮ੍ਰਿਤਕ ਵਿਜੇ ਦੇ ਭਰਾ ਸਮੈ ਸਿੰਘ ਅਨੁਸਾਰ ਵਿਜੇ ਖੇਤ ਵਿੱਚ ਕੰਮ ਕਰਨ ਗਿਆ ਹੋਇਆ ਸੀ। ਉਥੇ ਮਧੂ-ਮੱਖੀਆਂ ਦਾ ਛੱਤਾ ਸੀ। ਵਿਜੇ 'ਤੇ ਕੰਮ ਦੌਰਾਨ ਮੱਖੀਆਂ ਦੇ ਝੁੰਡ ਨੇ ਹਮਲਾ ਕਰ ਦਿੱਤਾ। ਉਸ ਨੂੰ ਕਈ ਥਾਵਾਂ 'ਤੇ ਬੁਰੀ ਤਰ੍ਹਾਂ ਡੰਗਿਆ ਗਿਆ, ਜਿਸ ਕਾਰਨ ਮਧੂ ਮੱਖੀ ਦਾ ਜ਼ਹਿਰ ਉਸ ਦੇ ਸਰੀਰ 'ਚ ਪਹੁੰਚ ਗਿਆ।

ਇਸ ਕਾਰਨ ਵਿਜੇ ਦੀ ਸਿਹਤ ਵਿਗੜਨ ਲੱਗੀ। ਉਸ ਨੂੰ ਪਲਵਲ ਦੇ ਹੀ ਇਕ ਨਿੱਜੀ ਹਸਪਤਾਲ 'ਚ ਲਿਜਾਇਆ ਗਿਆ ਪਰ ਵਿਜੇ ਦੀ ਸਿਹਤ ਨੂੰ ਦੇਖਦੇ ਹੋਏ ਨਿੱਜੀ ਹਸਪਤਾਲ ਨੇ ਉਸ ਨੂੰ ਫਰੀਦਾਬਾਦ ਰੈਫਰ ਕਰ ਦਿੱਤਾ। ਵਿਜੇ ਦਾ ਫਰੀਦਾਬਾਦ 'ਚ ਵੀ ਇਲਾਜ ਕੀਤਾ ਗਿਆ ਪਰ ਉਸ ਦੀ ਸਿਹਤ 'ਚ ਕੋਈ ਸੁਧਾਰ ਨਹੀਂ ਹੋਇਆ।



ਇਸ ਤੋਂ ਬਾਅਦ ਉਨ੍ਹਾਂ ਨੂੰ ਦਿੱਲੀ ਦੇ ਸਫਦਰਜੰਗ ਹਸਪਤਾਲ ਰੈਫਰ ਕਰ ਦਿੱਤਾ ਗਿਆ। ਅਗਲੇ ਦਿਨ ਇੱਥੇ ਵਿਜੇ ਦੀ ਮੌਤ ਹੋ ਗਈ। ਹਾਲਾਂਕਿ ਮੁੱਢਲੇ ਤੌਰ 'ਤੇ ਇਸ ਨੂੰ ਮਧੂ ਮੱਖੀ ਦੇ ਜ਼ਹਿਰ ਕਾਰਨ ਮੌਤ ਦਾ ਮਾਮਲਾ ਮੰਨਿਆ ਜਾ ਰਿਹਾ ਹੈ ਪਰ ਪੁਲਸ ਨੇ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ। ਮ੍ਰਿਤਕ ਪਲਵਲ ਦੇ ਪਿੰਡ ਸਿਰੋਲੀ ਦਾ ਰਹਿਣ ਵਾਲਾ ਸੀ। ਉਹ ਵਿਆਹਿਆ ਹੋਇਆ ਸੀ ਅਤੇ ਉਸ ਦੇ ਦੋ ਛੋਟੇ ਬੱਚੇ ਹਨ। ਵਿਜੇ ਦੀ ਅਚਾਨਕ ਹੋਈ ਮੌਤ ਕਾਰਨ ਪੂਰਾ ਪਰਿਵਾਰ ਸਦਮੇ 'ਚ ਹੈ।









URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**



ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



OURR HOME & APPLIANCES

HURRY UP
LIMITED TIME OFFER

DEALS LIKE NEVER BEFORE
OURR PRICES ARE THE BEST



BEST DEALS ON
LUXURY KITCHEN APPLIANCES
WE CARRY ALL MAJOR BRANDS

UNBOXED UNITS & NEW IN BOX UNITS AVAILABLE

100% CUSTOMER SATISFACTION

DELIVERY AVAILABLE
*CONDITIONS APPLY

PRICE BEAT GUARANTEE
*CONDITIONS APPLY

USE THE PROMO CODE TO GET DISCOUNT → PROMO CODE - (COURR-2302FLYER)

WE ARE AN AUTHORIZED DEALER FOR ALL MAJOR BRANDS!

KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL

| | | | | | |
|---|---|---|---|---|---|
| UNIT #1, 241 CLARENCE ST BRAMPTON, ON L6W 3E7 (416) 551 3343 | 44 FASKEN DR. #2-9 ETOBICKOKE, ON M9W 5M8 (416) 792-0877 | UNIT #6 410 LEWIS RD, STONEY CREEK, ON L8E 5Y7 (905) 643 0818 | UNIT #4 -1540 FANSHAWE PARK ROAD WEST LONDON, ON N6H 5L8 (519) 641-1010 | 5781 HIGHWAY 7 UNIT 10, VAUGHAN, ON L4L 178 (416) 477 5556 | 1050 SPEERS ROAD, OAKVILLE, ON, L6L 2X4 (416) 613 0555 |

☎ 416-551-5553 WWW.OURRHOMEAPPLIANCES.COM






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017